ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 18 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੱਗਭਗ 20 ਲੱਖ ਪ੍ਰਵਾਸੀਆਂ ਨੂੰ ਕੀਤਾ ਜਾਵੇਗਾ ਡਿਪੋਰਟ !

**ਦੁਬਈ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਰਾਸ਼ਟਰ ਦੇ ਇੱਕ ਮਾਹਰ ਨੇ ਉਨ੍ਹਾਂ ਖ਼ਬਰਾਂ ਦੀ ਜਾਂਚ ਦੀ ਮੰਗ ਕੀਤੀ ਹੈ ਜਿੰਨਾਂ ਵਿਚ ਕਿਹਾ ਗਿਆ ਹੈ ਕਿ ਅਫਗਾਨਿਸਤਾਨ ਦੀ ਸਰਹੱਦ 'ਤੇ ਈਰਾਨੀ ਸੁਰੱਖਿਆ ਬਲਾਂ ਦੇ ਹਮਲੇ ਵਿੱਚ ਅਫਗਾਨ ਨਾਗਰਿਕਾਂ ਦੇ ਮਾਰੇ ਗਏ ਅਤੇ ਜ਼ਖਮੀ ਹੋਏ ਹਨ। ਈਰਾਨ ਨੇ ਐਤਵਾਰ ਨੂੰ ਸਾਰਾਵਨ ਨੇੜੇ ਕਿਸੇ ਵੀ ਗੋਲੀਬਾਰੀ ਦੀ ਘਟਨਾ ਤੋਂ ਇਨਕਾਰ ਕੀਤਾ ਹੈ। ਇਹ ਇਲਾਕਾ ਦੇਸ਼ ਦੇ ਅਸ਼ਾਂਤ ਦੱਖਣ-ਪੂਰਬੀ ਸੂਬੇ ਸਿਸਤਾਨ ਅਤੇ ਬਲੋਚਿਸਤਾਨ ਦਾ ਇੱਕ ਸ਼ਹਿਰ ਹੈ, ਜੋ ਤਾਲਿਬਾਨ ਸ਼ਾਸਿਤ ਅਫਗਾਨਿਸਤਾਨ ਦੀ ਸਰਹੱਦ 'ਤੇ ਸਥਿਤ ਹੈ। ਹਾਲਾਂਕਿ ਹਾਲ ਹੀ ਦੇ ਮਹੀਨਿਆਂ ਵਿੱਚ ਈਰਾਨ ਵਿੱਚ ਅਫਗਾਨ ਵਿਰੋਧੀ ਪ੍ਰਵਾਸੀ ਬਿਆਨਬਾਜ਼ੀ ਵਧੀ ਹੈ ਕਿਉਂਕਿ ਪੱਛਮੀ ਦੇਸ਼ਾਂ ਦੀਆਂ ਪਾਬੰਦੀਆਂ ਕਾਰਨ ਇਸਦੀ ਆਰਥਿਕਤਾ ਪ੍ਰਭਾਵਤ ਹੋ ਰਹੀ ਹੈ। ਦੇਸ਼ ਦੇ ਪੁਲਸ ਮੁਖੀ ਨੇ ਦਾਅਵਾ ਕੀਤਾ ਹੈ ਕਿ ਅਗਲੇ ਛੇ ਮਹੀਨਿਆਂ ਵਿੱਚ ਲਗਭਗ 20 ਲੱਖ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦਿੱਤਾ ਜਾਵੇਗਾ। ਤਾਲਿਬਾਨ ਨੇ ਵੀਰਵਾਰ ਨੂੰ ਕਿਹਾ ਕਿ ਉਹ ਕਥਿਤ ਹਮਲੇ ਦੀ ਜਾਂਚ ਪੂਰੀ ਹੋਣ ਤੋਂ ਬਾਅਦ ਇਸ ਸਬੰਧ ਵਿਚ ਜਾਣਕਾਰੀ ਦੇਣਗੇ। ਉਨ੍ਹਾਂ ਦੇ ਮੁੱਖ ਬੁਲਾਰੇ ਜ਼ਬੀਹੁੱਲ੍ਹਾ ਮੁਜਾਹਿਦ ਨੇ ਪਹਿਲਾਂ ਕਿਹਾ ਸੀ ਕਿ ਈਰਾਨ ਸਰਹੱਦ 'ਤੇ ਅਫਗਾਨ ਨਾਗਰਿਕਾਂ ਦੀ ਮੌਤ ਅਤੇ ਜ਼ਖਮੀ ਹੋਣ ਦੀਆਂ ਅਫਵਾਹਾਂ ਫੈਲ ਰਹੀਆਂ ਹਨ। ਉਨ੍ਹਾਂ 'ਤੇ ਐਕਸ 'ਤੇ ਇਕ ਪੋਸਟ' ਵਿਚ ਕਿਹਾ, "ਘਟਨਾ ਦੀ ਅਜੇ ਪੁਸ਼ਟੀ ਨਹੀਂ ਹੋਈ ਹੈ।" ਇਸ ਮਾਮਲੇ ਦੀ ਪੁਸ਼ਟੀ ਹੋਣ ਤੋਂ ਬਾਅਦ ਜ਼ਰੂਰੀ ਫ਼ੈਸਲਾ ਲਿਆ ਜਾਵੇਗਾ। ਹਲਵਾਸ਼ ਨੇ ਗੋਲੀਬਾਰੀ 'ਤੇ ਕਈ ਰਿਪੋਰਟਾਂ ਜਾਰੀ ਕੀਤੀਆਂ ਹਨ।

## ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫ਼ਾ ਕੀਤਾ ਰੱਦ



**ਅੰਮ੍ਰਿਤਸਰ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਦਿੱਤਾ ਅਸਤੀਫ਼ਾ ਰੱਦ ਕਰ ਦਿੱਤਾ ਹੈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਹਰਪ੍ਰੀਤ ਸਿੰਘ ਦੀ ਸੇਵਾਵਾਂ ਦੀ ਬਹੁਤ ਲੋੜ ਹੈ। ਮੈਂ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫ਼ਾ ਰੱਦ ਕਰਦਾ ਹਾਂ। ਹਰਪ੍ਰੀਤ ਸਿੰਘ ਜੀ ਨੂੰ ਬੇਨਤੀ ਕੀਤੀ ਗਈ ਕਿ ਤੁਸੀਂ ਸਾਡੀ ਅਗਵਾਈ ਕਰਦੇ ਰਹੋ। ਜ਼ਿਕਰਯੋਗ ਹੈ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਗਿਆਨੀ ਹਰਪ੍ਰੀਤ ਸਿੰਘ ਨੇ ਜਥੇਦਾਰ ਦੇ ਅਹੁਦੇ ਤੋਂ ਆਪਣਾ ਅਸਤੀਫ਼ਾ ਦੇ ਦਿੱਤਾ ਸੀ। ਕਿਉਂਕਿ ਗਿਆਨੀ ਹਰਪ੍ਰੀਤ ਸਿੰਘ 'ਤੇ ਲਗਾਤਾਰ ਵਿਰਸਾ ਸਿੰਘ



ਵਲਟੋਹਾ ਦੇ ਵੱਲੋਂ ਸਵਾਲ ਚੁੱਕੇ ਜਾ ਰਹੇ ਸਨ। ਜਿਸ ਤੋਂ ਬਾਅਦ ਗਿਆਨੀ ਹਰਪ੍ਰੀਤ ਸਿੰਘ ਨੇ ਭਾਵੁਕ ਹੁੰਦਿਆਂ ਬਿਆਨ ਦਿੱਤਾ ਅਤੇ ਵੀਡੀਓ ਜਾਰੀ ਕਰਕੇ ਆਪਣਾ ਅਸਤੀਫਾ ਦੇਣਾ ਦੀ ਪੁਸ਼ਟੀ ਕੀਤੀ ਸੀ। ਦਰਅਸਲ ਗਿਆਨੀ ਹਰਪ੍ਰੀਤ ਸਿੰਘ ਨੇ ਵੀਡੀਓ ਜਾਰੀ ਕਰ ਕੇ ਅਸਤੀਫੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਰਸਾ ਸਿੰਘ ਵਲਟੋਹਾ ਵੱਲੋਂ ਨੀਵੇਂ ਪੱਧਰ ਦੀ ਬਿਆਨਬਾਜ਼ੀ ਨੂੰ ਆਪਣੇ ਅਸਤੀਫੇ ਦਾ ਕਾਰਨ ਦੱਸਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ ਵਲਟੋਹਾ ਵੱਲੋਂ ਉਨ੍ਹਾਂ ਦੇ ਖਿਲਾਫ ਬੇਬੁਨਿਆਦ ਇਲਜ਼ਾਮ ਲਗਾਏ ਗਏ ਹਨ। ਉਨ੍ਹਾਂ ਦੇ ਖਿਲਾਫ ਭਾਜਪਾ ਤੇ ਆਰਐਸਐਸ ਦਾ ਦੱਲਾ ਵਰਗੇ ਨੀਚ ਸ਼ਬਦਾਂ ਦਾ ਇਸਤੇਮਾਲ ਕੀਤਾ ਗਿਆ ਹੈ। ਮੇਰੇ ਪਰਿਵਾਰ ਤੱਕ ਨੂੰ ਧਮਕੀਆਂ ਮਿਲ ਰਹੀਆਂ ਹਨ। ਇਸ ਤੋਂ ਇਲਾਵਾ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਈ ਸਾਲਾਂ ਤੋਂ ਐਸ.ਜੀ.ਪੀ.ਸੀ. ਸਿੱਖ ਮੁੱਦਿਆਂ ਦੀ ਤਰਜਮਾਨੀ ਕਰਦੀ ਆ ਰਹੀ ਹੈ ਤੇ ਸਿੰਘ ਸਹਿਬਾਨਾਂ ਨੂੰ ਐਸ.ਜੀ.ਪੀ.ਸੀ. ਦੇ ਹਰ ਕਾਰਜ ਦੀ ਜਾਣਕਾਰੀ ਹੁੰਦੀ ਹੈ।

## ਡਾ: ਦਲਜੀਤ ਸਿੰਘ ਚੀਮਾ ਨੇ ਵਿਰਸਾ ਸਿੰਘ ਵਲਟੋਹਾ ਵੱਲੋਂ ਦਿੱਤੇ ਬਿਆਨ ਸਬੰਧੀ ਮੰਗੀ ਮੁਆਫ਼ੀ

**ਅੰਮ੍ਰਿਤਸਰ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦਾ ਇਕ ਵਫ਼ਦ ਅੱਜ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਮਿਲਿਆ। ਇਸ ਵਫ਼ਦ ਵਿਚ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਅਤੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਵੀ ਸ਼ਾਮਲ ਸਨ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ: ਦਲਜੀਤ ਸਿੰਘ ਚੀਮਾ ਨੇ ਵਿਰਸਾ ਸਿੰਘ ਵਲਟੋਹਾ ਵੱਲੋਂ ਸਿੰਘ ਸਾਹਿਬਾਨ ਖ਼ਿਲਾਫ਼ ਦਿੱਤੇ ਬਿਆਨ ਲਈ ਮੁਆਫ਼ੀ ਮੰਗੀ ਹੈ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕਰਕੇ ਇਹ ਯਕੀਨ ਦਵਾਇਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਜਥੇਦਾਰ ਸਾਹਿਬਾਨ ਨਾਲ ਹੈ ਅਤੇ ਹਮੇਸ਼ਾ ਹੀ ਨਾਲ ਖੜ੍ਹੀ ਰਹੇਗੀ। ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਾ. ਚੀਮਾ ਨੇ ਕਿਹਾ ਹੈ ਕਿ ਸਿੰਘ ਸਾਹਿਬਾਨ ਦੇ ਮਾਣ-ਸਨਮਾਨ ਵਿਰੁੱਧ ਕੋਈ ਟਿੱਪਣੀ ਨਹੀਂ ਕੀਤੀ ਜਾ ਸਕਦੀ। ਜੇਕਰ ਅਜਿਹਾ ਹੋਇਆ ਹੈ ਤਾਂ ਉਹ ਪਾਰਟੀ ਦੀ ਤਰਫੋਂ ਇਸ ਲਈ ਮੁਆਫ਼ੀ ਮੰਗਦੇ ਹਨ। ਸ੍ਰੀ ਅਕਾਲ ਤਖਤ ਸਾਹਿਬ ਦੇ ਫੈਸਲੇ ਨੂੰ ਹਮੇਸ਼ਾ ਹੀ ਅਕਾਲੀ ਦਲ ਨੇ ਮੰਨਿਆ ਹੈ ਅਤੇ ਅਗਾਹ ਵੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ 'ਤੇ ਡੱਟ ਕੇ ਪਹਿਰਾ ਦੇਵੇਗੀ। ਸਮੁੱਚੀ ਸਿੱਖ ਕੌਮ ਦੇ ਮਨਾਂ ਅੰਦਰ ਸਿੰਘ ਸਾਹਿਬਾਨ ਲਈ ਬਹੁਤ ਸਤਿਕਾਰ ਹੈ। ਜੇਕਰ ਸਾਡੇ ਸਾਥੀ ਕੋਲੋਂ ਸਿੰਘ ਸਾਹਿਬਾਨ ਦੀ ਸ਼ਾਨ ਦੇ ਖ਼ਿਲਾਫ਼ ਕੁਝ ਕਿਹਾ ਗਿਆ ਹੈ ਤਾਂ ਉਹ ਮੁਆਫ਼ੀ ਮੰਗਦੇ ਹਨ।



## 'ਭਾਰਤ ਦੀ ਅਪੀਲ ਦੇ ਬਾਵਜੂਦ ਕੈਨੇਡਾ ਲਾਰੈਂਸ ਵਿਰੁੱਧ ਕਾਰਵਾਈ ਕਰਨ 'ਚ ਅਸਫਲ'

**ਨਵੀਂ ਦਿੱਲੀ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਬਿਆਨਬਾਜ਼ੀ ਕਾਰਨ ਭਾਰਤ-ਕੈਨੇਡਾ ਦੇ ਰਿਸ਼ਤੇ ਤਣਾਅਪੂਰਨ ਬਣ ਗਏ ਹਨ। ਇਸ



ਦੌਰਾਨ ਭਾਰਤੀ ਵਿਦੇਸ਼ ਮੰਤਰਾਲੇ (MEA) ਨੇ ਵੀਰਵਾਰ ਨੂੰ ਕਿਹਾ ਕਿ ਭਾਰਤ ਨੇ ਕੈਨੇਡਾ ਨੂੰ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਅਪੀਲ ਕੀਤੀ ਸੀ ਪਰ ਇਸ ਨੇ ਨਵੀਂ ਦਿੱਲੀ ਦੀਆਂ "ਮੁੱਖ ਚਿੰਤਾਵਾਂ" 'ਤੇ ਕਾਰਵਾਈ ਨਹੀਂ ਕੀਤੀ। ਐਮ.ਈ.ਏ ਨੇ ਨਾਲ ਹੀ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੁਆਰਾ "ਸਾਡੇ ਡਿਪਲੋਮੈਟਾਂ ਵਿਰੁੱਧ ਝੂਠੇ ਦੋਸ਼ਾਂ" ਨੂੰ ਵੀ ਰੱਦ ਕਰ ਦਿੱਤਾ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਜਸਟਿਨ ਟਰੂਡੋ ਸਰਕਾਰ ਅਪੀਲਾਂ ਦੇ ਬਾਵਜੂਦ ਕੈਨੇਡਾ ਵਿੱਚ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਗਿਰੋਹ ਵਿਰੁੱਧ ਕਾਰਵਾਈ ਕਰਨ ਵਿੱਚ ਅਸਫਲ ਰਹੀ ਹੈ। MEA ਦਾ ਮੰਨਣਾ ਹੈ ਕਿ ਇਸ ਪਿੱਛੇ ਕੋਈ ਸਿਆਸੀ ਮੰਤਵ ਹੋ ਸਕਦਾ ਹੈ। ਐਮ.ਈ.ਏ ਜੈਸਵਾਲ ਨੇ ਹਫਤਾਵਾਰੀ ਪ੍ਰੈਸ ਬ੍ਰੀਫਿੰਗ ਦੌਰਾਨ ਕਿਹਾ, "ਅਸੀਂ ਲਾਰੈਂਸ ਬਿਸ਼ਨੋਈ ਦੇ ਗਿਰੋਹ ਦੇ ਲੋਕਾਂ ਦੀ ਗ੍ਰਿਫ਼ਤਾਰੀ ਲਈ ਕੈਨੇਡੀਅਨ ਪੱਖ ਨਾਲ ਕੁਝ ਅਪੀਲਾਂ ਸਾਂਝੀਆਂ ਕੀਤੀਆਂ ਸਨ। ਉਨ੍ਹਾਂ ਨੇ ਸਾਡੀਆਂ ਮੁੱਖ ਚਿੰਤਾਵਾਂ 'ਤੇ ਕੋਈ ਕਾਰਵਾਈ ਨਹੀਂ ਕੀਤੀ। ਇਸ ਦੇ ਪਿੱਛੇ ਵੀ ਇੱਕ ਰਾਜਨੀਤਿਕ ਉਦੇਸ਼ ਹੈ।" ਇੱਥੇ ਦੱਸ ਦਈਏ ਕਿ ਭਾਰਤ ਨੇ ਕੁਝ ਸਾਲ ਪਹਿਲਾਂ ਕੈਨੇਡਾ ਸਰਕਾਰ ਤੋਂ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰਾਂ ਦੀ ਹਵਾਲਗੀ ਦੀ ਮੰਗ ਕੀਤੀ ਸੀ। MEA ਨੇ ਇਹ ਵੀ ਕਿਹਾ ਕਿ ਜਦੋਂ ਵੀ ਭਾਰਤ ਨੇ ਭਾਰਤ ਵਿਰੋਧੀ ਤੱਤਾਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਤਾਂ ਕੈਨੇਡਾ ਨੇ ਹਮੇਸ਼ਾ 'ਬੋਲਣ ਦੀ ਆਜ਼ਾਦੀ' ਨੂੰ ਆਪਣੀ ਦਲੀਲ ਵਜੋਂ ਪੇਸ਼ ਕੀਤਾ। ਇਹ ਬਿਆਨ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਨਾਮ ਲੈਣ ਤੋਂ ਬਾਅਦ ਆਇਆ ਹੈ, ਜਿਸਦਾ ਪਿਛਲੇ ਸਾਲ ਸਤੰਬਰ ਵਿੱਚ ਖਾਲਿਸਤਾਨੀ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਸ਼ਾਮਲ ਹੋਣ ਲਈ ਰਾਇਲ ਕੈਨੇਡੀਅਨ ਮਾਉਂਟਿਡ ਪੁਲਸ (ਆਰ.ਸੀ.ਐਮ.ਪੀ) ਦੁਆਰਾ ਜ਼ਿਕਰ ਕੀਤਾ ਗਿਆ ਸੀ।

## ਗਿਆਨੀ ਹਰਪ੍ਰੀਤ ਸਿੰਘ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਭੂੰਦੜ ਨੇ ਕੀਤੀ ਮੁਲਾਕਾਤ

**ਬਠਿੰਡਾ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗਿਆਨੀ ਹਰਪ੍ਰੀਤ ਸਿੰਘ ਵੱਲੋਂ ਦਿੱਤੇ ਗਏ ਅਸਤੀਫ਼ੇ ਨੂੰ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਅੱਜ ਰੱਦ ਕਰ ਦਿੱਤਾ ਗਿਆ ਹੈ। ਹਰਪ੍ਰੀਤ ਸਿੰਘ ਦਾ ਅਸਤੀਫ਼ਾ ਨਾ ਮਨਜ਼ੂਰ ਹੋਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਸ੍ਰੀ ਦਮਦਮਾ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ ਕੀਤੀ ਗਈ। ਇਸ ਦੇ ਇਲਾਵਾ ਇਸ ਮੌਕੇ 96 ਕਰੋੜੀ ਬਾਬਾ ਬਲਬੀਰ ਸਿੰਘ ਬਾਬਾ ਬੁੱਢਾ ਦਲ ਵੱਲੋਂ ਨਿਹੰਗ ਸਿੰਘਾਂ ਦਾ ਜਥਾ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ ਕਰਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਜਥੇਬੰਦੀਆਂ ਵੱਲੋਂ ਸਿੰਘ ਸਾਹਿਬ ਨੂੰ ਕੌਮ ਦੀ ਸੇਵਾ ਕਰਨ ਲਈ ਕਿਹਾ ਜਾਵੇਗਾ। ਬਾਬਾ ਬਲਬੀਰ ਸਿੰਘ ਦਾ ਸੁਨੇਹਾ ਜਥੇਦਾਰ ਨੂੰ ਦਿੱਤਾ ਜਾਵੇਗਾ। ਦੋਹਾਂ ਵਿਚ ਕਰੀਬ 2 ਘੰਟੇ ਮੀਟਿੰਗ ਚੱਲੀ। ਮੁਲਾਕਾਤ ਤੋਂ ਬਾਅਦ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਸਾਡਾ ਫ਼ਰਜ਼ ਬਣਦਾ ਹੈ ਕਿ ਸਿੰਘ ਸਾਹਿਬ ਦੇ ਦਰਸ਼ਨ ਕਰਕੇ ਜਾਈਏ। ਉਨ੍ਹਾਂ ਕਿਹਾ ਕਿ ਮੈਂ ਜਦੋਂ ਵੀ ਇਥੇ ਮੱਥਾ ਟੇਕਣ ਆਉਂਦਾ ਹਾਂ, ਮੈਂ ਹਰ ਵਾਰ ਉਨ੍ਹਾਂ ਨੂੰ ਮਿਲ ਕੇ ਜਾਂਦਾ ਹਾਂ। ਅੱਜ ਵੀ ਤਖ਼ਤ ਸਾਹਿਬ ਉੱਤੇ ਮੱਥਾ ਟੇਕਣ ਆਇਆ ਅਤੇ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਵਿਰਸਾ ਵਲਟੋਹਾ ਵੱਲੋਂ ਜੋ ਵੀ ਬਿਆਨਬਾਜੀ ਕੀਤੀ ਉਹ ਬਹੁਤ ਮਾੜੀ ਗੱਲ ਹੈ, ਜੋ ਵੀ ਉਨ੍ਹਾਂ ਨੇ ਕਿਹਾ ਇਸ ਤੋਂ ਮਾੜੀ ਭਾਸ਼ਾ ਕੋਈ ਨਹੀਂ ਹੋ ਸਕਦੀ। ਭੂੰਦੜ ਨੇ ਕਿਹਾ ਕਿ ਹੁਣ ਵਿਰਸਾ ਸਿੰਘ ਵਲਟੋਹਾ ਦਾ ਹੁਣ ਪਾਰਟੀ ਨਾਲ ਕੋਈ ਲੈਣ ਦੇਣਾ ਨਹੀਂ ਹੈ। ਉਨ੍ਹਾਂ ਕਿਹਾ ਜੋ ਵੀ ਵਿਰਸਾ ਸਿੰਘ ਵਲਟੋਹਾ ਨੇ ਕਿਹਾ ਉਸ ਨੂੰ ਲੈ ਕੇ ਪਾਰਟੀ ਵੱਲੋਂ ਮੈਂ (ਪਾਰਟੀ ਦਾ ਸੇਵਾਦਾਰ) ਵੀ ਖਿਮਾਂ ਜਾਚਕ ਹਾਂ। ਉਨ੍ਹਾਂ ਕਿਹਾ ਕਿ ਮੈਨੂੰ ਜਦੋਂ ਫੋਨ ਆਇਆ ਕਿ ਜਥੇਦਾਰ ਵੱਲੋਂ ਅਸਤੀਫ਼ੇ ਨੂੰ ਲੈ ਕੇ ਮੀਟਿੰਗ ਨੂੰ ਲੈ ਕੇ ਪ੍ਰੈੱਸ ਕਾਨਫ਼ਰੰਸ ਕੀਤੀ ਤਾਂ ਮੈਂ ਕਿਹਾ ਕਿ ਜੋ ਵੀ ਉਨ੍ਹਾਂ ਨੇ ਕੀਤਾ ਉਹ ਹੁਕਮ ਸਿਰ ਮੱਥੇ ਹੈ। ਅਕਾਲੀ ਦਲ ਦੇ ਆਈ.ਟੀ. ਵਿੰਗ ਉੱਤੇ ਜੇਕਰ ਕੋਈ ਸਵਾਲ ਖੜ੍ਹੇ ਹੋਏ ਹਨ, ਤਾਂ ਮੈਂ ਇਸ ਬਾਰੇ ਪੂਰੀ ਜਾਂਚ ਪੜਤਾਲ ਕਰਵਾ ਦਿਆਂਗੇ। ਜੋ ਵੀ ਸਾਹਮਣੇ ਆਵੇਗਾ, ਇਸ ਬਾਰੇ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਮੀਡੀਆ ਨੂੰ ਹੱਥ ਜੋੜ ਕੇ ਕੀਤੀ ਅਪੀਲ ਕੀਤੀ ਕਿ ਇਸ ਧਾਰਮਿਕ ਮੁੱਦੇ ਬਹੁਤਾ ਨਾ ਉਭਾਰਨ। ਸਮੁੱਚੀ ਪਾਰਟੀ ਵੱਲੋਂ ਹੱਥ ਜੋੜ ਕੇ ਖਿਮਾ ਜਾਚਨਾ ਕੀਤੀ ਗਈ ਹੈ। ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਜੇਕਰ ਹੁਣ ਪਾਰਟੀ ਵਿੱਚੋਂ ਕੋਈ ਵਿਅਕਤੀ ਅਜਿਹੀ ਹਰਕਤ ਕਰੇਗਾ ਜਾਂ ਤਾਂ ਉਹ ਪਾਰਟੀ ਵਿੱਚ ਰਹੇਗਾ ਜਾਂ ਮੈਂ। ਦੱਸਣਯੋਗ ਹੈ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਜਥੇਦਾਰ ਵੱਜੋਂ ਬੀਤੇ ਦਿਨ ਅਸਤੀਫ਼ਾ ਦੇ ਦਿੱਤਾ ਗਿਆ ਸੀ। ਸਾਬਕਾ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਵੱਲੋਂ ਲਗਾਤਾਰ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ 'ਤੇ ਸਵਾਲ ਚੁੱਕੇ ਜਾ ਰਹੇ ਸਨ। ਇਹ ਸਾਰੇ ਵਿਵਾਦ ਦਰਿਆਨ ਗਿਆਨੀ ਹਰਪ੍ਰੀਤ ਸਿੰਘ ਨੇ ਜਥੇਦਾਰ ਵਜੋਂ ਅਸਤੀਫ਼ਾ ਦੇ ਦਿੱਤਾ ਸੀ, ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਰੱਦ ਕਰ ਦਿੱਤਾ ਗਿਆ ਹੈ। ਗਿਆਨੀ ਹਰਪ੍ਰੀਤ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵੀ ਰਹਿ ਚੁੱਕੇ ਹਨ, ਜਿਸ ਤੋਂ ਬਾਅਦ ਉਨ੍ਹਾਂ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦਾ ਜਥੇਦਾਰ ਲਗਾਇਆ ਗਿਆ ਸੀ।

## ਪਾਕਿਸਤਾਨ ਤੋਂ ਫਾਜ਼ਿਲਕਾ ਭੇਜਿਆ ਗਿਆ ਲੋਡੇਡ ਆਈਡੀ ਬੰਬ, ਬੈਟਰੀਆਂ ਅਤੇ ਟਾਈਮਰ ਵੀ ਬਰਾਮਦ, ਜਾਂਚ ਜਾਰੀ



**ਫਾਜ਼ਿਲਕਾ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫਾਜ਼ਿਲਕਾ ਵਿੱਚ ਭਾਰਤ-ਪਾਕਿਸਤਾਨ ਸਰਹੱਦੀ ਖੇਤਰ 'ਚ ਡਰੋਨ ਰਾਹੀਂ ਭੇਜਿਆ ਗਿਆ ਆਈਈਡੀ ਬੰਬ ਬਰਾਮਦ ਕੀਤਾ ਗਿਆ ਹੈ। RDX ਨਾਲ ਭਰੀ ਇਸ ਖੇਪ ਵਿੱਚ ਬੰਬ ਦੇ ਨਾਲ ਬੈਟਰੀਆਂ ਅਤੇ ਟਾਈਮਰ ਵੀ ਹਨ। ਜਦੋਂ ਬੀਐਸਐਫ ਵੱਲੋਂ ਬੰਬ ਲੱਭਿਆ ਗਿਆ ਤਾਂ ਇਸ ਨੂੰ ਬਰਾਮਦ ਕਰਨ ਤੋਂ ਬਾਅਦ ਸਟੇਟ ਸਪੈਸ਼ਲ ਸੈੱਲ ਨੂੰ ਸੌਂਪ ਦਿੱਤਾ ਗਿਆ। ਇਸ ਤੋਂ ਬਾਅਦ ਉਹ ਮਾਮਲੇ ਦੀ ਜਾਂਚ ਕਰ ਰਹੇ ਹਨ। ਜਾਣਕਾਰੀ ਮੁਤਾਬਕ ਫਾਜ਼ਿਲਕਾ ਦੇ ਅਬੋਹਰ ਸੈਕਟਰ ਦੇ ਭਾਰਤ-ਪਾਕਿਸਤਾਨ ਸਰਹੱਦੀ ਖੇਤਰ ਬਹਾਦਰਪੁਰ ਨੇੜੇ ਡਰੋਨ ਦੀ ਹਰਕਤ ਦੇਖੀ ਗਈ। ਬੀਐਸਐਫ ਨੂੰ ਇਸ ਬਾਰੇ ਸੂਚਨਾ ਮਿਲਦਿਆਂ ਹੀ ਜਦੋਂ ਬੀਐਸਐਫ ਨੇ ਇਲਾਕੇ ਦੀ ਤਲਾਸ਼ੀ ਲਈ ਤਾਂ ਇਲਾਕੇ ਵਿੱਚੋਂ ਇੱਕ ਆਈਈਡੀ (ਇਮਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ) ਬੰਬ ਬਰਾਮਦ ਹੋਇਆ। ਦਰਅਸਲ, ਇੱਕ ਟੀਨ ਦਾ ਡੱਬਾ ਮਿਲਿਆ ਹੈ ਜਿਸ ਵਿੱਚ ਲਗਭਗ ਇੱਕ ਕਿਲੋ RDX ਭਰਿਆ ਹੋਇਆ ਹੈ। ਜਿਸ ਦੇ ਨਾਲ ਬੈਟਰੀ ਅਤੇ ਟਾਈਮਰ ਵੀ ਹਨ। ਬੀਐਸਐਫ ਵੱਲੋਂ ਇਸ ਦੀ ਬਰਾਮਦਗੀ ਤੋਂ ਬਾਅਦ ਇਸ ਨੂੰ ਫਾਜ਼ਿਲਕਾ ਦੇ ਸਟੇਟ ਸਪੈਸ਼ਲ ਸੈੱਲ ਥਾਣੇ ਦੇ ਹਵਾਲੇ ਕਰ ਦਿੱਤਾ ਗਿਆ ਹੈ। ਉਹ ਮਾਮਲੇ ਦੀ ਹੋਰ ਜਾਂਚ ਕਰ ਰਹੇ ਹਨ ਕਿ ਇਹ ਬੰਬ ਪਾਕਿਸਤਾਨ ਤੋਂ ਭਾਰਤ ਕਿਉਂ ਭੇਜਿਆ ਗਿਆ ਸੀ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ



ਤਖ਼ਤ ਸ੍ਰੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ



ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸਿਰ ਜਾਵੇ ਤਾਂ ਜਾਵੇ ਮੇਰਾ ਸਿੱਖੀ ਸਿਦਕ ਨਾ ਜਾਵੇ ।।
ਸਲਾਨਾ ਜੋੜ ਮੇਲਾ
ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਸਥਾਨ: ਗੁਰਦੁਆਰਾ ਖਾਲਸਾ ਦਰਬਾਰ
ਪਿੰਡ ਭੂਰਾ ਕੋਹਨਾ (ਨੇੜੇ ਖੇਮਕਰਨ)
ਮਿਤੀ: 21 ਅਕਤੂਬਰ 2024
(ਦਿਨ ਸੋਮਵਾਰ) ਨੂੰ
ਸ਼ਰਧਾ ਅਤੇ ਸਤਿਕਾਰ ਦੇ ਨਾਲ
ਮਨਾਇਆ ਜਾ ਰਿਹਾ ਹੈ ।
ਸੰਤ ਬਾਬਾ ਕਰਤਾਰ ਸਿੰਘ ਜੀ
ਖਾਲਸਾ ਭਿੰਡਰਾਂਵਾਲੇ
ਆਵਾਜ਼ਿ ਕੌਮ
AWAZE QAUM
International Newspaper & WEB TV
ਆਪ ਜੀ ਨੂੰ ਉਪਰੋਕਤ ਅਸਥਾਨ ਅਤੇ ਸਮੇ 'ਤੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ ।
ਗੁਰੂ ਪੰਥ ਦੇ ਦਾਸ :
ਭਾਈ ਮਨਜੀਤ ਸਿੰਘ
ਸਪੁੱਤਰ ਸੰਤ ਬਾਬਾ ਕਰਤਾਰ ਸਿੰਘ ਜੀ
ਮੈਂਬਰ ਐੱਸ ਜੀ ਪੀ ਸੀ
ਭਾਈ ਕੰਵਰ ਚੜ੍ਹਤ ਸਿੰਘ
ਪੋਤਰਾ ਸੰਤ ਬਾਬਾ ਕਰਤਾਰ ਸਿੰਘ ਜੀ
ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
M : 9855017747, 9878782228

UNITED STATES OF AMERICA

# CALIFORNIA

**Fresno**

**19 October 2024**
**07:00 pm**



# ਗੁਰਮਤਿ ਸਮਾਗਮ

Darbar Shri Guru Granth Sahib Ji, 2630N Locan.eve Fresno California 93727

## Jathedar Baljit Singh Daduwal

Chairman Dharam Parchar HSGMC

Contact - 559 939 1813, +919814015740

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




# ਦਾਣਾ ਮੰਡੀ ਮਹਿਤਾ ਵਿੱਚ ਝੋਨੇ ਦੀ ਖਰੀਦ ਨਾ ਹੋਣ ਕਾਰਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਘੇਰਿਆ ਮਾਰਕੀਟ ਕਮੇਟੀ ਦ.ਫ਼ਤਰ, ਮਹਿਤਾ ਚੌਂਕ ਜਾਮ ਕਰਨ ਤੇ ਸ਼ੁਰੂ ਹੋਈ ਸਰਕਾਰੀ ਖਰੀਦ

**ਮਹਿਤਾ ਚੌਕ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਝੋਨੇ ਦੀ ਖਰੀਦ ਨੂੰ ਲੈ ਕੇ ਮੰਡੀਆਂ ਵਿੱਚ ਕਿਸਾਨਾਂ ਦੀ ਖੱਜਲ ਖ਼ੁਆਰੀ ਹੋ ਰਹੀ ਹੈ, ਜਿਸ ਦੌਰਾਨ ਮਹਿਤਾ ਚੌਂਕ ਵਿੱਚਲੀ ਦਾਣਾ ਮੰਡੀ ਵਿੱਚ ਪਿਛਲੇ ਕਈ ਦਿਨਾਂ ਤੋਂ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਵੱਲੋਂ ਖਰੀਦ ਤੋਂ ਆਨਾਕਾਨੀ ਕੀਤੀ ਜਾ ਰਹੀ ਸੀ। ਪਿਛਲੇ ਹਫਤੇ ਲੋਕਲ ਪ੍ਰਸ਼ਾਸਨ ਨਾਲ ਵਾਰ ਵਾਰ ਇਹ ਮੁੱਦਾ ਉਠਾਉਣ ਤੇ ਜਦੋਂ ਮਸਲੇ ਦਾ ਹੱਲ ਨਹੀਂ ਹੋਇਆ ਤਾਂ ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅਤੇ ਜਿਲ੍ਹਾ ਆਗੂ ਕੰਧਾਰ ਸਿੰਘ ਭੋਏਵਾਲ ਅਤੇ ਜੋਨ ਮਹਿਤਾ ਦੇ ਪ੍ਰਧਾਨ ਸਵਰਨ ਸਿੰਘ ਉਧੋ ਨੰਗਲ ਦੀ ਅਗਵਾਹੀ ਵਿੱਚ ਮਾਰਕੀਟ ਕਮੇਟੀ ਦੇ ਦਫਤਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਗਿਆ। 2 ਘੰਟੇ ਤੋਂ ਵੱਧ ਧਰਨਾ ਚੱਲਣ ਤੋਂ ਬਾਅਦ ਪ੍ਰਸ਼ਾਸਨ ਦੁਆਰਾ ਗੱਲ ਨਾ ਸੁਣੇ ਜਾਣ ਤੇ ਗੁੱਸੇ ਵਿੱਚ ਆਏ ਕਿਸਾਨਾਂ ਮਜਦੂਰਾਂ ਵੱਲੋਂ ਮਹਿਤਾ ਚੌਂਕ ਜਾਮ ਕਰ ਦਿੱਤਾ ਗਿਆ। ਇਸ ਮੌਕੇ ਸੂਬਾ ਆਗੂ ਕੰਵਰਦਲੀਪ ਸੈਦੋਲੇਹਲ ਨੇ ਕਿਹਾ ਕਿ ਕੱਲ੍ਹ ਜਥੇਬੰਦੀ ਦੀ ਟੀਮ ਵੱਲੋਂ ਮੰਡੀ ਦਾ ਦੌਰਾ ਕੀਤਾ ਗਿਆ ਜਿਸ ਦੌਰਾਨ ਕਿਸਾਨਾਂ ਨੇ ਦੱਸਿਆ ਕਿ 17% ਨਮੀ ਦੇ ਸਰਕਾਰੀ ਮਾਪਦੰਡਾਂ ਨੂੰ ਪੂਰਾ ਕਰਨ ਵਾਲੀ ਫ਼ਸਲ ਨੂੰ ਵੀ ਐੱਮ ਐੱਸ ਪੀ ਤੇ ਖਰੀਦਣ ਤੋਂ ਮਨ੍ਹਾ ਕੀਤਾ ਜਾ ਰਿਹਾ। 1 ਘੰਟਾ ਦੇ ਜਾਮ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਗੱਲ ਬਾਤ ਦਾ ਸੱਦਾ ਦਿੱਤਾ ਗਿਆ ਜਿਸ ਤੋਂ ਬਾਅਦ ਜਥੇਬੰਦੀ ਵੱਲੋਂ 4 ਮੈਂਬਰੀ ਵਫ਼ਦ ਮੀਟਿੰਗ ਕੀਤੀ ਗਈ। ਮੀਟਿੰਗ ਤੋਂ ਬਾਅਦ ਆਗੂਆਂ ਦੱਸਿਆ ਕਿ ਮੀਟਿੰਗ ਵਿੱਚ ਜ਼ਿਲ੍ਹਾ ਪੱਧਰੀ ਅਫ਼ਸਰ ਅਤੇ ਖਰੀਦ ਏਜੰਸੀਆਂ ਦੇ ਅਧਿਆਰੀਆਂ ਨਾਲ ਲੰਬੀ ਚਰਚਾ ਵਿੱਚ ਸਹਿਮਤੀ ਬਣੀ ਕਿ 17% ਤੱਕ ਨਮੀ ਵਾਲੀ ਝੋਨੇ ਦੀ ਫ਼ਸਲ ਦੀ ਤੁਰੰਤ ਪ੍ਰਭਾਵ ਨਾਲ ਅੱਜ ਸ਼ਾਮ ਤੋਂ ਹੀ ਸਰਕਾਰੀ ਖਰੀਦ ਤਹਿਤ ਭਰਿਆ ਜਾਵੇਗਾ, ਵੱਖ ਵੱਖ ਮੰਡੀਆਂ ਵਿੱਚ ਖਰੀਦ ਇੰਸਪੈਕਟਰ 10 ਤੋਂ 6 ਵਜੇ ਤੱਕ ਹਾਜ਼ਿਰ ਰਹਿਣਗੇ, ਪੀ. ਆਰ. 126 ਦੀ ਸਰਕਾਰੀ ਖਰੀਦ ਵਿੱਚ ਆ ਰਹੀ ਮੁਸ਼ਿਕਲ ਹੱਲ ਕੀਤੀ ਜਾਵੇਗੀ। ਅਧਿਕਾਰੀਆਂ ਵੱਲੋਂ ਲਿਫਟਿੰਗ ਦੀ ਮੁਸ਼ਿਕਲ ਕੱਲ੍ਹ ਤੱਕ ਹੱਲ ਕਰਵਾਓਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਆੜਤੀਆ ਐਸੋਸੀਏਸ਼ਨ ਦੇ ਨੁੰਮਾਇਦੇ ਕਿਸਾਨਾਂ ਦੇ ਧਰਨੇ ਨੂੰ ਸਪੋਰਟ ਕਰਦੇ ਹੋਏ ਹਾਜ਼ਿਰ ਰਹੇ। ਇਸ ਤੋਂ ਬਾਅਦ ਅਧਿਕਾਰੀਆਂ ਵੱਲੋਂ ਧਰਨੇ ਵਿੱਚ ਜਾ ਕੇ ਧਰਨਾਕਾਰੀ ਕਿਸਾਨਾਂ ਮਜਦੂਰਾਂ ਸਾਹਮਣੇ ਆ ਕੇ ਬਣੀ ਸਹਿਮਤੀ ਤੇ ਸਟੇਜ ਤੋਂ ਬੋਲ ਕੇ ਦੱਸਿਆ ਗਿਆ। ਆਗੂਆਂ ਨੇ ਸਾਫ ਕੀਤਾ ਕਿ ਅਗਰ ਲਿਫਟਿੰਗ ਅਤੇ 126 ਕਿਸਮ ਨਹੀਂ ਚੱਕੀ ਜਾਂਦੀ ਤਾਂ ਜਥੇਬੰਦੀ 1-2 ਦਿਨਾਂ ਵਿੱਚ ਤਿੱਖਾ ਐਕਸ਼ਨ ਕਰਨ ਲਈ ਤਿਆਰ ਬਰ ਤਿਆਰ ਹੈ। ਉਹਨਾਂ ਕਿਹਾ ਕਿ ਅੱਜ ਸ਼ੰਭੂ ਸਮੇਤ ਹੋਰ ਥਾਵਾਂ ਤੇ ਚਲ ਰਹੇ ਕਿਸਾਨ ਮਜਦੂਰ ਮੰਗਾਂ ਵਿੱਚ ਐਮ ਐਸ ਪੀ ਤੇ ਖਰੀਦ ਦੀ ਗਰੰਟੀ ਕਨੂੰਨ ਦੀ ਮੰਗ ਕੀਤੀ ਜਾ ਰਹੀ ਹੈ, ਜਿਸ ਦੀ ਅਹਿਮੀਅਤ ਆਮ ਕਿਸਾਨ ਨੂੰ ਵੀ ਅੱਜ ਚੰਗੀ ਤਰ੍ਹਾਂ ਸਮਝ ਆ ਰਹੀ ਹੈ। ਇਸ ਤੋਂ ਬਾਅਦ ਧਰਨਾ ਖਤਮ ਕਰਕੇ ਮੰਡੀ ਵਿੱਚ ਜਥੇਬੰਦੀ ਦੇ ਆਗੂਆਂ ਦੀ ਹਾਜ਼ਰੀ ਵਿੱਚ ਖਰੀਦ ਇੰਸਪੈਕਟਰਾਂ ਦੁਆਰਾ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਸ਼ਿਵਚਰਨ ਸਿੰਘ ਮਹਿਸਮਪੁਰ, ਰਣਧੀਰ ਸਿੰਘ ਬੁੱਟਰ, ਮੁਖਤਾਰ ਸਿੰਘ ਅਰਜਨ ਮਾਂਗਾ, ਹਰਮੀਤ ਸਿੰਘ ਖੱਬੇ ਰਾਜਪੂਤਾਂ, ਹਰਮਨ ਸਿੰਘ ਖੱਬੇ, ਤਰਸੇਮ ਸਿੰਘ ਉਧੋ ਨੰਗਲ, ਆੜ੍ਹਤੀਆ ਐਸੋਸੀਏਸ਼ਨ ਵੱਲੋਂ ਸੁਖਦੇਵ ਸਿੰਘ ਬੁੱਟਰ ਸਿਵੀਆਂ, ਸਾਹਬ ਸਿੰਘ ਉਧੋ ਨੰਗਲ, ਰਾਜਬੀਰ ਸਿੰਘ ਉਧੋ ਨੰਗਲ ਅਤੇ ਗੁਰਮੁਖ ਸਿੰਘ ਸਮੇਤ ਆੜ੍ਹਤੀਏ ਅਤੇ ਕਿਸਾਨ ਮਜਦੂਰ ਹਾਜ਼ਿਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV








ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਬਰਤਾਨੀਆ ਦੀ ਸੰਸਦ ਵਿਚ ਸੰਸਦ ਮੈਂਬਰਾਂ ਨਾਲ ਸਿੱਖ ਆਗੂ।

# ਸਿੱਖ ਫੈਡਰੇਸ਼ਨ (ਯੂ.ਕੇ.) ਵਲੋਂ ਬਰਤਾਨੀਆ ਦੀ ਸੰਸਦ ਵਿਚ ਸਿੱਖ ਮੁੱਦਿਆਂ 'ਤੇ ਗੱਲਬਾਤ

**ਲੰਡਨ • ਆਵਾਜ਼ਿ ਕੌਮ ਬਿਊਰੋ**

ਅੰਤਰਰਾਸ਼ਟਰੀ ਸਿੱਖ ਫੈਡਰੇਸ਼ਨ ਦੇ ਗਠਨ ਤੋਂ ਬਾਅਦ ਬਰਤਾਨੀਆਂ ਦੀ ਸੰਸਦ ਵਿਚ ਸਿੱਖ ਆਗੂਆਂ ਤੇ ਸੰਸਦ ਮੈਂਬਰਾਂ ਵਿਚਕਾਰ ਸਿੱਖ ਮੁੱਦਿਆਂ 'ਤੇ ਗੱਲਬਾਤ ਹੋਈ। ਇਸ ਮੌਕੇ ਕੈਨੇਡਾ ਤੇ ਭਾਰਤ ਦੇ ਸਬੰਧਾਂ ਬਾਰੇ ਵੀ ਚਰਚਾ ਹੋਈ। ਫੈਡਰੇਸ਼ਨ ਵਲੋਂ ਦਬਿੰਦਰਜੀਤ ਸਿੰਘ ਨੇ ਅਗਵਾਈ ਕਰਦਿਆਂ ਬੀਤੇ ਸਮੇਂ ਵਿਚ ਵਾਪਰੀਆਂ ਘਟਨਾਵਾਂ ਬਾਰੇ ਚਰਚਾ ਕੀਤੀ ਤੇ ਸੰਸਦ ਮੈਂਬਰਾਂ ਨੂੰ ਵੱਖ-ਵੱਖ ਪਹਿਲੂਆਂ ਤੋਂ ਜਾਣੂ ਕਰਵਾਇਆ। ਆਗੂਆਂ ਨੇ ਇਸ ਮੌਕੇ ਦੱਸਿਆ ਕਿ ਭਾਰਤ ਦੀ ਵਿਦੇਸ਼ਾਂ ਵਿਚ ਜਬਰ ਕਰ ਰਿਹਾ ਹੈ ਤੇ ਸਿਆਸੀ ਦਖ਼ਲਅੰਦਾਜ਼ੀ ਕਰ ਰਿਹਾ ਹੈ। ਕੈਨੇਡੀਅਨ ਸਿੱਖ ਕਾਰਕੁੰਨਾਂ ਮਨਿੰਦਰ ਸਿੰਘ ਤੇ ਪ੍ਰਭਜੋਤ ਸਿੰਘ ਨੇ ਯੂ.ਕੇ. ਦੇ ਸੰਸਦ ਮੈਂਬਰਾਂ ਤੇ ਸਾਥੀਆਂ ਨੂੰ ਦੱਸਿਆ ਕਿ ਕੈਨੇਡੀਅਨ ਧਰਤੀ 'ਤੇ ਸਿੱਖ ਨੇਤਾ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੇ ਭਾਰਤ 'ਤੇ ਲੱਗੇ ਦੋਸ਼ਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕੀਤੀ। ਸਿੱਖ ਆਗੂਆਂ ਨੇ ਕਿਹਾ ਕਿ ਅਸੀਂ ਯੂ.ਕੇ. ਦੀ ਸੰਸਦ ਵਿਚ ਸੰਸਦ ਮੈਂਬਰਾਂ ਨੂੰ ਇੱਕ ਪ੍ਰਭੂਸੱਤਾ ਸੰਪੰਨ ਸਿੱਖ ਰਾਜ, ਖਾਲਿਸਤਾਨ ਲਈ ਮੁਹਿੰਮ ਚਲਾ ਰਹੇ ਡਾਇਸਪੋਰਾ ਵਿਚ ਭਾਰਤ ਸਰਕਾਰ ਦੇ ਅੰਤਰ-ਰਾਸ਼ਟਰੀ ਦਮਨ ਤੇ ਰਾਜਨੀਤਕ ਦਖ਼ਲਅੰਦਾਜ਼ੀ ਬਾਰੇ ਜਾਣਕਾਰੀ ਦਿੱਤੀ ਹੈ। ਸਿੱਖ ਆਗੂਆਂ ਨੇ ਕਿਹਾ ਕਿ ਅਜ਼ਾਦੀ ਦੇ ਇਸ ਸੰਘਰਸ਼ ਵਿਚ ਰਾਜਨੀਤਿਕ ਇੱਛਾ ਸ਼ਕਤੀ ਦਿਖਾਉਣ ਦੀ ਲੋੜ ਹੈ ਅਤੇ ਦੁਨੀਆਂ ਭਰ ਦੇ ਸਿੱਖਾਂ ਦੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਨ ਦੇ ਹੱਕ ਲਈ ਇਕਮੁੱਠਤਾ ਤੇ ਸਮਰਥਨ ਦਿਖਾਉਣ ਦੀ ਲੋੜ ਹੈ। ਇਸ ਮੌਕੇ ਐਮ. ਪੀ. ਪ੍ਰੀਤ ਕੌਰ ਗਿੱਲ, ਐਮ. ਪੀ. ਜਸ ਅਠਵਾਲ, ਐਮ. ਪੀ. ਉੱਪਲ, ਐਮ. ਪੀ. ਰੂਥ ਕੈਡਬਰੀ, ਭਾਈ ਅਮਰੀਕ ਸਿੰਘ ਗਿੱਲ, ਮਨਕਮਲ ਸਿੰਘ ਆਦਿ ਹਾਜ਼ਰ ਸਨ।

# ਪਿੰਡ ਨਥੇਹਾ ਦੀ ਨਵੀਂ ਬਣੀ ਪੰਚਾਇਤ ਨੂੰ ਗੁਰਦੁਆਰਾ ਕਮੇਟੀ ਵੱਲੋਂ ਕੀਤਾ ਸਨਮਾਨਿਤ

**ਪਿੰਡ ਨਥੇਹਾ ਦੀ ਬਣੀ ਨਵੀਂ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਕਰਵਾਈ ਅਰਦਾਸ ਅਤੇ ਗੁਰਦੁਆਰਾ ਕਮੇਟੀ ਵੱਲੋਂ ਪੰਚਾਇਤ ਨੂੰ ਕੀਤਾ ਸਨਮਾਨਿਤ**

**ਤਲਵੰਡੀ ਸਾਬੋ, 17 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪਿੰਡ ਨਥੇਹਾ ਤੋਂ ਸ਼੍ਰੀਮਤੀ ਰਾਜ ਰਾਣੀ ਪਤਨੀ ਸੁਖਪਾਲ ਸਿੰਘ ਚਾਹਲ ਪਿੰਡ ਵਾਸੀਆਂ ਦੇ ਸਹਿਯੋਗ ਅਤੇ ਵੱਡੇ ਫਰਕ ਨਾਲ ਸਰਪੰਚ ਬਣ ਗਈ ਹੈ। ਜਿਸਨੇ ਆਪਣੇ ਪੰਚਾਇਤ ਮੈਂਬਰਾਂ ਅਤੇ ਪਿੰਡ ਦੇ ਮੋਹਤਬਰਾਂ ਸਮੇਤ ਪਿੰਡ ਵਾਸੀਆਂ ਨਾਲ ਕੱਤਕ ਦੀ ਸੰਗਰਾਂਦ ਮੌਕੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਆਸਾ ਕੀ ਵਾਰ ਦਾ ਕੀਰਤਨ ਕਰਵਾਇਆ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਗੁਰਦੁਆਰਾ ਸਾਹਿਬ ਦੀ ਕਮੇਟੀ ਵੱਲੋਂ ਚੁਣੀ ਗਈ ਨਵੀਂ ਪੰਚਾਇਤ ਦਾ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਰਾਜ ਰਾਣੀ ਅਤੇ ਉਹਨਾਂ ਦੇ ਪਤੀ ਸੁਖਪਾਲ ਸਿੰਘ ਨੇ ਕਿਹਾ ਕਿ ਜੋ ਮਾਣ ਸਤਿਕਾਰ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਦਿੱਤਾ ਹੈ, ਉਹ ਹਮੇਸ਼ਾ ਪਿੰਡ ਵਾਸੀਆਂ ਦੇ ਰਿਣੀ ਰਹਿਣਗੇ ਤੇ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਾਂਗੇ। ਸਿਹਤ ਅਤੇ ਸਿੱਖਿਆ ਦੇ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਸ਼ੁਰੂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਪਿੰਡ ਤੋਂ ਲੈਕੇ ਡੇਰਾ ਬਾਬਾ ਯੋਗੀ ਪੀਰ ਵਾਲੀ ਸੜਕ ਦੇ ਨਾਲ ਇੰਟਰਲਾਕ ਇੱਟਾਂ ਲਗਾ ਕੇ ਸੁੰਦਰ ਬਣਾਈ ਜਾਵੇਗੀ ਅਤੇ ਪਿੰਡ ਵਿੱਚ ਖੇਡ ਸਟੇਡੀਅਮ ਪਹਿਲ ਦੇ ਅਧਾਰ 'ਤੇ ਬਣਾਇਆ ਜਾਵੇਗਾ। ਮਹਿਲਾ ਸਰਪੰਚ ਰਾਜ ਰਾਣੀ ਦੇ ਨਾਲ ਭੋਲਾ ਸਿੰਘ ਪੰਚ, ਪਰਵਿੰਦਰ ਕੌਰ ਪੰਚ, ਨਾਜਰ ਰਾਮ ਪੰਚ, ਕਿਰਨਪਾਲ ਕੌਰ ਪੰਚ, ਸ਼ਿੰਦਰ ਕੌਰ, ਚਰਨਜੀਤ ਸਿੰਘ ਪੰਚ, ਬਿੱਕਰ ਸਿੰਘ ਪੰਚ, ਮਲਕੀਤ ਸਿੰਘ ਪੰਚ, ਪਰਮਜੀਤ ਕੌਰ ਪੰਚ ਅਤੇ ਪਿੰਡ ਵਾਸੀ ਹਾਜਰ ਸਨ।




## ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ

# ਕੱਤਕ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ











ਮੋਗਾ, 17 ਅਕਤੂਬਰ (ਗੁਰਪ੍ਰੀਤ ਸਿੰਘ)-ਕੱਤਕ ਮਹੀਨੇ ਦੀ ਸੰਗਰਾਂਦ ਨੂੰ ਸਮਰਪਿਤ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਪਵਿੱਤਰ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਕੀਰਤਨ ਦਰਬਾਰ ਹੋਇਆ ਅਤੇ ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਨਿਹਾਲ ਕੀਤਾ ਗਿਆ। ਉਪਰੰਤ ਅਰਦਾਸ ਬੇਨਤੀ ਕੀਤੀ ਗਈ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਸੇਵਾਦਾਰਾਂ ਅਤੇ ਸੰਗਤਾਂ ਵੱਲੋਂ ਸੇਵਾਵਾਂ ਕੀਤੀਆਂ ਗਈਆਂ।


ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


### 25 ਸਾਲਾਂ ਤੋਂ ਬਾਦ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਸੰਬੰਧੀ ਤਿਵਾੜੀ ਕਮਿਸ਼ਨ ਦੀ ਰਿਪੋਰਟ ਤੋਂ ਬਾਦ


# ਵਿਦੇਸ਼ੀ ਸਿੱਖਾਂ ਵਿੱਚ ਭਾਰੀ ਰੋਹ


## ਜਥੇਦਾਰ ਸਾਹਿਬ ਕੋਲੋਂ ਬਾਦਲ ਪਰਿਵਾਰ ਅਤੇ ਦੋਸ਼ੀ ਪੁਲਿਸ ਅਫ਼ਸਰਾਂ ਖਿਲਾਫ ਸਖ਼ਤ ਕਾਰਵਾਈ ਦੀ ਕੀਤੀ ਮੰਗ













**ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ**

ਸਤਿਕਾਰ ਯੋਗ ਜਥੇਦਾਰ ਰਘਵੀਰ ਸਿੰਘ ਜੀ ਆਪ ਜੀ ਨੂੰ ਸਿੱਖਾਂ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸੇਵਾ ਮਿਲੀ ਹੈ ।ਅੱਜ ਤੋਂ 25 ਸਾਲ ਪਹਿਲਾਂ ਇਸ ਅਸਥਾਨ ਦੇ ਕਾਰਜਕਾਰੀ ਜਥੇਦਾਰ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਨੂੰ ਉਸ ਵਕਤ ਦੀ ਜਾਲਮ ਹਕੂਮਤ ਦੇ ਕਰਿੰਦਿਆਂ ਨੇ ਕੋਹ ਕੋਹ ਕੇ ਸ਼ਹੀਦ ਕਰ ਦਿੱਤਾ ਸੀ ।ਉਸ ਸੰਬੰਧ ਵਿੱਚ ਜੋ ਜਾਂਚ ਰੀਪੋਰਟ ਕਮੇਟੀ ਬਣਾਈ ਗਈ ਸੀ ਉਸਦੀ ਰੀਪੋਰਟ ਵੀ ਅੱਜ ਪੂਰੇ 31 ਸਾਲ ਬਾਦ ਜਨਤਕ ਹੋਈ ਹੈ ।ਅਸੀਂ ਆਪ ਜੀ ਦਾ ਧਿਆਨ ਬੀ ਪੀ ਤਿਵਾੜੀ ਦੀ ਰੀਪੋਰਟ ਵੱਲ ਲਿਜਾਉਣਾ ਚਾਹੁੰਦੇ ਹਾਂ । ਸਿੱਖ ਕੌਮ ਨੇ ਕਈ ਦਹਾਕੇ ਬਹੁਤ ਹੀ ਘਿਨਾਉਣੇ ਜ਼ੁਲਮ ਹੰਢਾਏ ਹਨ ਜਿਨ੍ਹਾਂ ਜ਼ੁਲਮਾਂ ਦੀ ਲਪੇਟ ਵਿੱਚ ਉਸ ਸਮੇਂ ਦੇ ਜਥੇਦਾਰ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਵੀ ਆ ਗਏ ਆਮ ਸਿੱਖਾਂ ਦੀ ਕੀ ਹਾਲਤ ਹੋਵੇਗੀ ਤੁਸੀਂ ਭਲੀ ਭਾਂਤ ਸਮਝਦੇ ਹੋ ।ਸਮੇਂ ਦੀਆਂ ਸਰਕਾਰਾਂ ਤੇ ਉਹਨਾਂ ਦੇ ਪੁਲਿਸ ਅਫ਼ਸਰਾਂ ਨੇ ਖੁੱਲ੍ਹੇ ਆਮ ਸਿੱਖਾਂ ਦੇ ਖ਼ੂਨ ਨਾਲ ਹੱਥ ਰੰਗੇ ਤੇ ਸਰਕਾਰਾਂ ਨੇ ਸਾਰੇ ਹੀ ਜਾਲਮ ਪੁਲਿਸ ਅਫ਼ਸਰਾਂ ਦੀ ਪੁਸ਼ਤ ਪਨਾਹੀ ਕੀਤੀ ।ਕਿਸੇ ਵੀ ਦੋਸ਼ੀ ਪੁਲਿਸ ਅਫਸਰ ਖਿਲਾਫ ਕੋਈ ਕਾਰਵਾਈ ਨਹੀ ਹੋਈ ।1978 ਦੇ ਨਿਰੰਕਾਰੀ ਕਾਂਡ ਤੋਂ ਲੈ ਕੇ ਸਿਰਸੇ ਵਾਲੇ ਕਾਂਡ ਤੱਕ , ਝੂਠੇ ਪੁਲਿਸ ਮੁਕਾਬਲੇ , ਜਥੇਦਾਰ ਕਾਂਉਕੇ ,ਨੂੰ ਅਣਮਨੁੱਖੀ ਤਸੀਹੇ ਦੇ ਕੇ ਸ਼ਹੀਦ ਕਰਨਾ ਇਸਤੋ ਆਮ ਸਿੱਖਾਂ ਤੇ ਹੋਏ ਅਣਮਨੁੱਖੀ ਤਸ਼ੱਦਦ ਦਾ ਤੁਸੀਂ ਅੰਦਾਜ਼ਾ ਲਗਾ ਸਕਦੇ ਹੋ ।ਸਭ ਤੋ ਵੱਡੀ ਭਾਜੀ ਸਿੱਖ ਕੌਮ ਤੇ ਬੁਰਜ ਜਵਾਹਰ ਸਿੰਘ ਵਾਲੇ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਐਲਾਨੀਆ ਤੌਰ ਤੇ ਬੇਅਦਬੀ ਦਾ ਦੌਰ ਚਲਾਉਣ ਤੋਂ ਬਾਦ ਸ਼ਾਤਮਈ ਬਾਣੀ ਪੜ੍ਹਦੇ ਸਿੱਖਾਂ ਨੂੰ ਗੋਲੀਆਂ ਦਾ ਨਿਸ਼ਾਨਾ ਬਣਾ ਕੇ ਸ਼ਹੀਦ ਕਰਨਾ ।ਸਾਰੇ ਤਸ਼ੱਦਦ ਦਾ ਦੌਰ ਚਲਾਉਣ ਵਾਲੇ ਪੁਲਿਸ ਅਫ਼ਸਰਾਂ ਦੀ ਪੁਸ਼ਤ ਪਨਾਹੀ ਕਰਨੀ ਉਹਨਾਂ ਨੂੰ ਤਰੱਕੀਆਂ ਦੇਣੀਆਂ ਸਿੱਖ ਪੰਥ ਨਾਲ ਬਹੁਕ ਵੱਡਾ ਧ੍ਰੋਹ ਬਾਦਲ , ਕੈਪਟਨ ਸਰਕਾਰ ਨੇ ਕਮਾਇਆ ਹੈ । ਪਰਮਜੀਤ ਸਿੰਘ ਉਮਰਾਨੰਗਲ ,ਸਵਰਨੇ ਘੋਟਣੇ ਦਾ ਮੁੰਡਾ ਸੁਮੈਧ ਸੈਣੀ ਵਰਗੇ ਅਨੇਕਾਂ ਹੋਰ ਜਾਲਮ ਅਫ਼ਸਰਾਂ ਦੀ ਰਖਵਾਲੀ ਕਰਨ ਅਤੇ ਸਿੱਖਾਂ ਦੇ ਖ਼ੂਨ ਦੀ ਹੋਲੀ ਖੇਲਣ ਵਾਲਾ ਇੱਕ ਹੀ ਸ਼ਖਸ਼ ਪ੍ਰਕਾਸ਼ ਬਾਦਲ ਤੇ ਉਸਦਾ ਪੁੱਤ ਸੁਖਬੀਰ ਬਾਦਲ ਹੀ ਹੈ । ਸਾਰੇ ਵਰਤਾਰੇ ਦੇ ਨਾਲ ਸਿਰਸੇ ਵਾਲੇ ਬਦਮਾਸ਼ ਕੋਲੋ ਗੁਰੂ ਸਾਹਿਬ ਦਾ ਸਵਾਂਗ ਰਚਾਉਣਾ ਤੇ ਫਿਰ ਵੋਟਾਂ ਖਾਤਰ ਬਿਨਾ ਮੰਗਿਆਂ ਉਸਨੂੰ ਮੁਆਫੀ ਦੇ ਸਿੱਖ ਕੌਮ ਦੇ ਹਿਰਦੇ ਵਲੂੰਧਰਨੇ ਅਤੇ ਕਰੋੜਾਂ ਰੁਪੈ ਸ੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਬਰਬਾਦ ਕਰਨੇ ਵੀ ਪ੍ਰਕਾਸ਼ ਤੇ ਸੁਖਬੀਰ ਦੇ ਹਿੱਸੇ ਆਇਆ ਹੈ ।ਅੱਜ ਤੱਕ ਦੇ ਸਾਰੇ ਕਮਿਸ਼ਨ ਤੇ ਸਾਰੀਆਂ ਰੀਪੋਰਟਾਂ ਅਨੁਸਾਰ ਇਹ ਦੋਵੇਂ ਮੁੱਖ ਦੋਸ਼ੀਆਂ ਦੀ ਸੂਚੀ ਵਿੱਚ ਹਨ। ਪਰ ਸਾਬਕਾ ਜਥੇਦਾਰਾਂ ਪਾਸੋਂ ਆਪਣੀ ਦਹਿਸ਼ਤ ਦੇ ਸਿਰ ਤੇ ਫਖਰ ਏ ਕੌਮ ਦਾ ਮਾਣ ਲੈ ਚੁੱਕੇ ਹਨ ।ਸਿੱਖ ਪੰਥ ਨੂੰ ਇਨਸਾਫ ਦੀ ਉਮੀਦ ਆਪ ਜੀ ਪਾਸੋਂ ਹੀ ਹੈ ।ਤਿਵਾੜੀ ਕਮਿਸ਼ਨ ਦੀ ਰੀਪੋਰਟ ਅਨੁਸਾਰ ਜੋ ਵੀ ਦੋਸ਼ੀ ਹਨ ਉਹਨਾਂ ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ।ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਆਪ ਜੀ ਸਿੱਖਾਂ ਦੇ ਸਰਬ ਉੱਚ ਅਸਥਾਨ ਦੇ ਸਰਬਰਾਹ ਹੋਣ ਦੇ ਨਾਤੇ ਜਥੇਦਾਰ ਗੁਰਦੇਵ ਸਿੰਘ ਜੀ ਕਾਉਂਕੇ ਦੇ ਕੇਸ ਦੀ ਪੈਰਵਾਈ ਲਈ ਆਪਣੀ ਦੇਖ ਰੇਖ ਹੇਠ ਕੋਈ ਕਮੇਟੀ ਨਿਯੁਕਤ ਕਰੋ । ਅਸੀਂ ਵਿਦੇਸ਼ੀਂ ਵਿੱਚ ਵੱਸਦੇ ਸਿੱਖ ਆਪ ਜੀ ਪਾਸੋਂ ਮੰਗ ਕਰਦੇ ਹਾਂ ਜਲਦੀ ਤੋਂ ਜਲਦੀ ਬਾਦਲ ਪ੍ਰੀਵਾਰ ਕੋਲ਼ੋਂ ਫਖਰ ਏ ਕੌਮ ਦਾ ਮਾਣ ਵਾਪਿਸ ਲਿਆ ਜਾਵੇ ਅਤੇ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਨੂੰ ਅਣਮਨੁੱਖੀ ਤਸ਼ੱਦਦ ਕਰਕੇ ਸਰੀਰ ਦੇ ਟੋਟੇ ਕਰਕੇ ਦਰਿਆ ਵਿੱਚ ਰੋੜ੍ਹਨ ਵਾਲੇ ਸਾਰੇ ਪੁਲਿਸ ਮੁਲਾਜ਼ਮਾਂ ਤੇ ਸਖ਼ਤ ਕਾਰਵਾਈ ਕੀਤੀ ਜਾਵੇ ।ਲਾਵਾਰਿਸ ਕਹਿ ਕੇ ਸਿੱਖ ਨੌਜਵਾਨਾਂ ਦੀਆਂ ਲਾਸ਼ਾ ਦੀ ਸ਼ਨਾਖ਼ਤ ਕਰਨ ਵਾਲੇ ਮਨੁੱਖੀ ਹੱਕਾਂ ਦੇ ਅਲੰਬਰਦਾਰ ਸਰਦਾਰ ਜਸਵੰਤ ਸਿੰਘ ਖਾਲੜੇ ਨੂੰ ਵੀ ਇਹਨਾਂ ਬਾਦਲਾਂ ਦੀ ਸਰਕਾਰ ਨੇ ਲਾਸ਼ ਬਣਾ ਦਿੱਤਾ ਤੇ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਵਾਂਗ ਹੀ ਦਰਿਆ ਵਿੱਚ ਰੋੜ੍ਹ ਦਿੱਤਾ ਸੀ ।ਇਹ ਸਾਰੇ ਜ਼ੁਲਮਾਂ ਵਿੱਚ ਸੁਖਵੀਰ ਬਾਦਲ ਖੁਦ ਸ਼ਾਮਲ ਰਿਹਾ ਹੈ ਐਹੋ ਜਿਹਾ ਕਲੰਕਿਤ ਵਿਅਕਤੀ ਸਿੱਖ ਸ਼ਹੀਦਾਂ ਦੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦਾ ਮੁਖੀ ਨਹੀ ਹੋ ਸਕਦਾ ਇਸ ਵਿਅਕਤੀ ਨੂੰ ਜਲਦੀ ਹੀ ਤਲਬ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਅਹੁਦਿਆਂ ਤੋਂ ਲਾਂਭੇ ਕੀਤਾ ਜਾਵੇ ।ਆਪ ਜੀ ਅਕਾਲੀ ਫੂਲਾ ਸਿੰਘ ਜੀ ਦੀ ਪਦਵੀ ਤੇ ਬਿਰਾਜਮਾਨ ਹੋ ਸਿੱਖ ਸੰਗਤਾਂ ਆਪ ਜੀ ਪਾਸੋਂ ਉਸ ਸੇਵਾ ਦੀ ਆਸ ਕਰਦੀਆਂ ਹਨ ਜੋ ਅਕਾਲੀ ਫੂਲਾ ਸਿੰਘ ਨੇ ਸਮੇਂ ਦੇ ਹੁਕਮਰਾਨਾਂ ਤੋਂ ਨਿਡਰ ਹੋ ਕੇ ਕੀਤੀ ਸੀ। ਇਹ ਸਮਾਂ ਬਹੁਤ ਨਾਜ਼ੁਕ ਹੈ ਸਿੱਖ ਹੱਕਾਂ ਦੀ ਗੱਲ ਪੂਰੇ ਸੰਸਾਰ ਦੇ ਅਗਾਂਹਵਧੂ ਮੁਲਕਾਂ ਵਿੱਚ ਚੱਲ ਰਹੀ ਹੈ । ਆਪ ਜੀ ਖੁੱਲ ਕੇ ਸਿੱਖਾਂ ਦੇ ਹੱਕਾਂ ਦੀ ਗੱਲ ਰੱਖੋ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਆਪ ਜੀ ਨਾਲ ਹੋ ਤੁਰਨਗੇ ।ਸਾਨੂੰ ਪੂਰੀ ਆਸ ਹੈ ਆਪ ਜੀ ਸਾਡੀ ਬੇਨਤੀ ਪ੍ਰਵਾਨ ਕਰੋਗੇ ।

ਗੁਰੂਦਵਾਰਾ ਸਾਹਿਬ ਜਾਂ ਸਿੱਖ ਸੰਸਥਾ ਦਾ ਨਾਮ

**ਹੁਣ ਭਗਵੰਤ ਮਾਨ ਦੀ ਸਰਕਾਰ ਵੀ ਉਸੇ ਹੀ ਰਾਹ ਤੇ ਚੱਲ ਰਹੀ ਹੈ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਰਸਾ ਸਿੰਘ ਵਲਟੋਹਾ ਤੇ ਬਾਦਲ ਜੁੰਡਲੀ ਦੀ ਗੁੰਡਾਗਰਦੀ ਬਰਦਾਸ਼ਤ ਨਹੀਂ ਕਰੇਗਾ ਖ਼ਾਲਸਾ ਪੰਥ

# ਜਥੇਦਾਰਾਂ ਦਾ ਵਾਲ ਵਿੰਗਾ ਨਹੀਂ ਹੋਣ ਦਿਆਂਗੇ : ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਥ ਦੋਖੀ ਵਿਰਸਾ ਸਿੰਘ ਵਲਟੋਹਾ ਅਤੇ ਉਸ ਦੇ ਹਮਾਇਤੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੌਜੂਦਾ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਉੱਤੇ ਨਿੱਜਤਾ ਦੀਆਂ ਹੱਦਾਂ ਪਾਰ ਕਰਦਿਆਂ ਸ਼ਬਦੀ ਹਮਲੇ ਕਰਨੇ, ਮਾਰਨ ਦੀਆਂ ਧਮਕੀਆਂ ਦੇਣਾ, ਉਹਨਾਂ ਦੀਆਂ ਧੀਆਂ ਨੂੰ ਨੰਗਾ ਕਰਨ ਬਾਰੇ ਕਹਿਣਾ ਅਤੇ ਸਿੱਖੀ ਸਿਧਾਂਤਾਂ ਤੋਂ ਉਲਟ ਜਾਂਦਿਆਂ ਸਿੰਘ ਸਾਹਿਬ




ਦੀ ਜਾਤ ਪਰਖਣੀ ਮੰਦਾ ਬੋਲਣਾ ਤੇ ਜਥੇਦਾਰਾਂ ਦੀ ਲਗਾਤਾਰ ਕਿਰਦਾਰਕੁਸ਼ੀ ਕਰਨ ਦੇ ਸੰਬੰਧ ਵਿੱਚ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਨੇ ਵਿਰਸਾ ਸਿੰਘ ਵਲਟੋਹਾ ਦੀ ਸਖ਼ਤ ਸ਼ਬਦਾਂ ਵਿੱਚ ਕਰੜੀ ਨਿੰਦਾ ਕੀਤੀ ਹੈ। ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਅਤੇ ਮੌਜੂਦਾ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸੀਂ ਸਿੰਘ ਸਾਹਿਬ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਹੱਕ 'ਚ ਖੜ੍ਹੇ ਹਾਂ ਤੇ ਉਹਨਾਂ ਦਾ ਵਾਲ ਵੀ ਵਿੰਗਾ ਨਹੀਂ ਹੋਣ ਦਿਆਂਗੇ ਤੇ ਵਿਰਸਾ ਸਿੰਘ ਵਲਟੋਹਾ ਅਤੇ ਉਸ ਦੇ ਗੁੰਡਿਆਂ ਖ਼ਿਲਾਫ਼ ਡੱਟ ਕੇ ਟੱਕਰ ਲਵਾਂਗੇ। ਬਾਦਲ ਦਲ ਨੇ ਖ਼ਾਲਸਾ ਪੰਥ ਵਿਰੁੱਧ ਜੰਗ ਸ਼ੁਰੂ ਕਰ ਦਿੱਤੀ ਹੈ ਤੇ ਪਾਪ ਦੀ ਇਸ ਜੰਞ ਨੂੰ ਖਾਲਸਾ ਪੰਥ ਮਲੀਆਮੇਟ ਕਰ ਦੇਵੇਗਾ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਬਾਦਲ ਦਲ ਦੀ ਗੁੰਡਾਗਰਦੀ ਖਿਲਾਫ ਹੁਣ ਦੋ-ਦੋ ਹੱਥ ਕਰਨ ਦਾ ਸਮਾਂ ਆ ਗਿਆ ਹੈ। ਤਨਖਾਹੀਆ ਐਲਾਨੇ ਸੁਖਬੀਰ ਸਿੰਘ ਬਾਦਲ ਨੂੰ ਬਚਾਉਣ ਲਈ ਵਿਰਸਾ ਸਿੰਘ ਵਲਟੋਹਾ ਅਤੇ ਬਾਦਲ ਜੁੰਡਲੀ ਨੇ ਖਾਲਸਾ ਪੰਥ ਦੀ ਪੱਗ ਨੂੰ ਹੱਥ ਪਾਉਣ ਦਾ ਯਤਨ ਕੀਤਾ ਹੈ, ਤਖਤਾਂ ਦੇ ਜਥੇਦਾਰਾਂ ਨੂੰ ਅਸਤੀਫਾ ਦੇਣ 'ਤੇ ਮਜਬੂਰ ਕਰ ਦਿੱਤਾ ਹੈ। ਉਹਨਾਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਪੀਲ ਕੀਤੀ ਕਿ ਉਹ ਆਪਣਾ ਅਸਤੀਫਾ ਵਾਪਸ ਲੈਣ ਤੇ ਕੌਮ ਦੀ ਸੱਚੀ-ਸੁੱਚੀ ਅਗਵਾਈ ਕਰਨ। ਇਸ ਸਮੇਂ ਖਾਲਸਾ ਪੰਥ ਬੜੇ ਔਖੇ ਪੜਾਵਾਂ ਵਿੱਚੋਂ ਗੁਜਰ ਰਿਹਾ ਹੈ, ਬਾਦਲ ਦਲੀਆਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਨੂੰ ਤਹਿਸ-ਨਹਿਸ ਕਰ ਦਿੱਤਾ ਹੈ। ਇਸ ਸਮੇਂ ਜਦੋਂ ਵੱਡੇ ਦੇਸ਼ਾਂ ਦੀਆਂ ਨਜ਼ਰਾਂ ਸਿੱਖਾਂ ਉੱਤੇ ਟਿਕੀਆਂ ਹੋਈਆਂ ਹਨ, ਖ਼ਾਲਿਸਤਾਨ ਦਾ ਰਾਹ ਖੁੱਲ੍ਹ ਰਿਹਾ ਹੈ ਤਾਂ ਬਾਦਲ ਦਲੀਆਂ ਨੇ ਇੱਕ ਸਾਜਿਸ਼ ਤਹਿਤ ਭਾਰਤੀ ਹਕੂਮਤ ਅਤੇ ਆਪਣੇ ਆਕਾਵਾਂ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦਾ ਹੁਕਮ ਵਜਾਉਂਦਿਆਂ ਸਿੱਖ ਕੌਮ ਵਿੱਚ ਖਾਨਾਜੰਗੀ ਸ਼ੁਰੂ ਕਰ ਦਿੱਤੀ ਹੈ। ਉਹਨਾਂ ਕਿਹਾ ਕਿ ਤਖਤਾਂ ਦੇ ਨਿਜ਼ਾਮ ਨੂੰ ਬਦਲਣ ਦੀ ਲੋੜ ਹੈ, ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਆਪਣੇ ਸਿਆਸੀ ਮੁਫਾਦਾਂ ਲਈ ਜਥੇਦਾਰਾਂ ਨੂੰ ਵਰਤਦਾ ਹੈ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤਾਂ ਨੂੰ ਭਾਰੀ ਸੱਟ ਮਾਰਦਾ ਹੈ। ਫੈਡਰੇਸ਼ਨ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਪੀਲ ਕੀਤੀ ਹੈ ਕਿ ਜਥੇਦਾਰ ਸਾਹਿਬ ਜੀ ਤੁਸੀਂ ਅਸਤੀਫ਼ੇ ਨਾ ਦੇਵੋ, ਸਗੋਂ ਗੁਰਮਤਾ ਕਰਕੇ ਸੁਖਬੀਰ ਬਾਦਲ ਤੇ ਵਿਰਸਾ ਵਲਟੋਹਾ ਨੂੰ ਪੰਥ 'ਚੋਂ ਛੇਕ ਦੇਵੋ, ਕੂੜ ਅਤੇ ਝੂਠ ਖਿਲਾਫ ਧਰਮ ਯੁੱਧ ਲੜਨ ਦਾ ਸਮਾਂ ਹੈ। ਸਿਧਾਂਤਹੀਣ ਅਤੇ ਘਟੀਆ ਕਿਸਮ ਦੇ ਇਹਨਾਂ ਅਕਾਲੀਆਂ ਵਿਰੁੱਧ ਇਸ ਲੜਾਈ ਵਿੱਚ ਹਰ ਸੱਚਾ ਸਿੱਖ ਜਥੇਦਾਰਾਂ ਦਾ ਪੂਰਨ ਸਾਥ ਦੇਵੇਗਾ। ਨਾ ਬਾਬਰ ਰਿਹਾ, ਨਾ ਅਬਦਾਲੀ ਤੇ ਨਾਹੀ ਬਾਦਲਕੇ ਰਹਿਣਗੇ। ਖ਼ਾਲਸਾ ਪੰਥ ਦੇ ਡੰਕੇ ਵੱਜਦੇ ਰਹਿਣਗੇ। ਭਾਈ ਬਲਵੰਤ ਸਿੰਘ ਗੋਪਾਲਾ ਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਥ ਅਤੇ ਪੰਜਾਬ ਦਾ ਗਦਾਰ ਹੈ ਤੇ ਬਾਦਲ ਜੁੰਡਲੀ ਸੁਖਬੀਰ ਬਾਦਲ ਨੂੰ ਬਚਾਉਣ ਲਈ ਪੱਬਾਂ ਭਾਰ ਹੋਈ ਫਿਰਦੀ ਹੈ। ਉਹਨਾਂ ਕਿਹਾ ਕਿ ਜਥੇਦਾਰ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤਾਂ ਨੂੰ ਮੁੱਖ ਰੱਖਦਿਆਂ ਸੁਖਬੀਰ ਸਿੰਘ ਬਾਦਲ ਉੱਤੇ ਕਾਰਵਾਈ ਕਰਨ ਅਤੇ ਉਸਨੂੰ ਖਾਲਸਾ ਪੰਥ ਵਿੱਚੋਂ ਛੇਕਣ। ਸਤਿਕਾਰਯੋਗ ਜਥੇਦਾਰੋ, ਤਗੜੇ ਹੋ ਜਾਓ, ਬਾਦਲਾਂ ਦਾ ਅੰਤ ਨੇੜੇ ਹੈ। ਉਹਨਾਂ ਕਿਹਾ ਕਿ ਪੁਰਾਤਨ ਸਮੇਂ 'ਚ ਅਕਾਲੀ ਬੇਗਾਨਿਆਂ ਦੀਆਂ ਵੀ ਧੀਆਂ-ਭੈਣਾਂ ਬਚਾਉਂਦੇ ਹੁੰਦੇ ਸੀ, ਪਰ ਹੁਣ ਬਾਦਲਕੇ ਪੰਥਕ ਸੋਚ ਦੇ ਧਾਰਨੀ ਗੁਰਸਿੱਖਾਂ ਦੀਆਂ ਧੀਆਂ-ਭੈਣਾਂ ਨੂੰ ਨਹੀਂ ਬਖ਼ਸ਼ ਰਹੇ। ਬਾਦਲ ਦਲੀਏ, ਜਥੇਦਾਰਾਂ ਨੂੰ ਆਪਣੇ ਨੌਕਰ ਸਮਝਦੇ ਹਨ। ਪੰਥਕ ਸੋਚ ਦੇ ਧਾਰਨੀ ਗੁਰਸਿੱਖਾਂ ਦਾ ਸ਼੍ਰੋਮਣੀ ਕਮੇਟੀ ਅਤੇ ਬਾਦਲ ਦਲ 'ਚ ਗਲ ਘੁੱਟਿਆ ਜਾਂਦਾ ਹੈ। ਬਾਦਲ ਦਲ ਦੀ ਗਾਲੀ-ਗਲੋਚ ਗੁੰਡਾ ਬ੍ਰਿਗੇਡ ਹੁਣ ਜਥੇਦਾਰਾਂ ਨੂੰ ਵੀ ਨਹੀਂ ਬਖ਼ਸ਼ ਰਹੀ। ਹਰ ਬੰਦਾ ਆਪਣੀ ਤਾਂ ਸਹਾਰ ਲੈਂਦਾ, ਪਰ ਧੀਆਂ-ਭੈਣਾਂ ਦਾ ਦੁੱਖ ਬਰਦਾਸ਼ਤ ਨਹੀਂ ਹੁੰਦਾ। ਜਥੇਦਾਰ ਹਰਪ੍ਰੀਤ ਸਿੰਘ ਉੱਤੇ ਜੋ ਬੀਤ ਰਹੀ ਹੋਵੇਗੀ, ਅਸੀਂ ਸਮਝ ਸਕਦੇ ਹਾਂ। ਬਾਦਲ ਦਲ ਇੱਕ ਗੰਦਾ ਟੋਲਾ ਹੈ। ਜਥੇਦਾਰ ਹਰਪ੍ਰੀਤ ਸਿੰਘ ਦੀਆਂ ਧੀਆਂ ਸਮੁੱਚੇ ਪੰਥ ਦੀਆਂ ਧੀਆਂ ਹਨ। ਬਾਦਲ ਦਲੀਏ ਤੇ ਵਿਰਸਾ ਵਲਟੋਹਾ ਨੇ ਜੇਕਰ ਉਹਨਾਂ ਵੱਲ ਕੈਰੀ ਅੱਖ ਨਾਲ ਵੀ ਵੇਖਿਆ ਤਾਂ ਪੰਥ ਬਖ਼ਸ਼ੇਗਾ ਨਹੀਂ। ਮਾਨਸਿਕ ਸੰਤਾਪ, ਸਰੀਰਕ ਤਸ਼ੱਦਦ ਨਾਲੋਂ ਵੀ ਕਿਤੇ ਵੱਧ ਪੀੜ ਦਿੰਦਾ ਹੈ। ਉਹਨਾਂ ਕਿਹਾ ਕਿ ਅਖੌਤੀ ਅਕਾਲੀਆਂ ਨੇ ਸੰਤ ਭਿੰਡਰਾਂਵਾਲਿਆਂ ਨੂੰ ਵੀ ਬਹੁਤ ਮਾਨਸਿਕ ਸੰਤਾਪ ਦਿੱਤਾ ਸੀ, ਉਹਨਾਂ ਨੂੰ ਮਰਵਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ, ਭਾਈ ਸੁਰਿੰਦਰ ਸਿੰਘ ਸੋਢੀ ਨੂੰ ਸ਼ਹੀਦ ਕਰਵਾ ਦਿੱਤਾ, ਮੰਜੀ ਸਾਹਿਬ ਬੋਲਣ 'ਤੇ ਪਾਬੰਦੀ ਲਾ ਦਿੱਤੀ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਵਿਰਸਾ ਸਿੰਘ ਵਲਟੋਹਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਵੀਂ ਘਰ ਜਾ ਕੇ ਧਮਕਾ ਚੁੱਕਾ ਹੈ ਕਿ ਜੇਕਰ ਤੁਸੀਂ ਬਾਦਲਾਂ ਵਿਰੁੱਧ ਕੋਈ ਫੈਸਲਾ ਦਿੱਤਾ ਤਾਂ ਉਹ ਖੰਡਾ ਖੜਕਾਵੇਗਾ ਤੇ ਉਹਨਾਂ ਦੇ ਵਿਦੇਸ਼ ਰਹਿੰਦੇ ਪੁੱਤ ਨੂੰ ਵੀ ਨਿਸ਼ਾਨਾ ਬਣਾਉਣ ਦਾ ਉਸ ਨੇ ਇਸ਼ਾਰਾ ਕੀਤਾ। ਫੈਡਰੇਸ਼ਨ ਭਿੰਡਰਾਂਵਾਲਾ ਦੇ ਦੋਵਾਂ ਆਗੂਆਂ ਨੇ ਕਿਹਾ ਕਿ ਜੇਕਰ ਬਾਦਲ ਦਲ ਦੇ ਗੁੰਡਿਆਂ ਨੇ ਜਥੇਦਾਰਾਂ ਦਾ ਨੁਕਸਾਨ ਕਰਨਾ ਚਾਹਿਆ ਤਾਂ ਸਾਡੀਆਂ ਕਿਰਪਾਨਾਂ ਮਿਆਨ 'ਚੋਂ ਬਾਹਰ ਆ ਜਾਣਗੀਆਂ।

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# ਕੱਤਕ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

**ਫ਼ਿਰੋਜ਼ਪੁਰ, 17 ਅਕਤੂਬਰ (ਮਨੋਹਰ ਲਾਲ)** :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਕੱਤਕ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਇਹ ਸੰਸਾਰ ਆਉਣਾ—ਜਾਣਾ ਬਣਿਆ ਹੈ, ਇਹ ਸੰਸਾਰ ਇਕ ਸਰਾ ਹੈ, ਮਹਾਰਾਜ ਜੀ ਕਹਿੰਦੇ ਹਨ ਘੱਲੇ ਆਏ ਨਾਨਕਾ ਸਦੇ ਉਠ ਜਾਏ, ਇਸ ਲਈ ਹੀ ਮਨੁੱਖ ਇਥੋਂ ਨਾਲ ਕੁਝ ਨਹੀਂ ਜਾਣਾ, ਇਸ ਲਈ ਵੱਧ ਤੋਂ ਵੱਧ ਨਾਮ ਜਪ ਲਏ, ਇਸੇ ਨੇ ਹੀ ਤੇਰਾ ਪਾਰ ਉਤਾਰਾ ਕਰਨਾ ਹੈ। ਇਸ ਮੌਕੇ ਤੇ ਬਾਬਾ ਜੀ ਨੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਨਾਲ ਹੀ ਕੱਤਕ ਦੀ ਪੂਰਨਮਾਸੀ ਦੀ ਅਤੇ ਨਾਲ ਹੀ ਕੱਤਕ ਦੀ ਸੰਗਰਾਂਦ ਜਿਹੜੀ ਇਕ ਦਿਨ ਵਿਚ ਹੀ ਆਈ ਹੈ। ਬਾਬਾ ਜੀ ਨੇ ਇਸ ਮੌਕੇ ਤੇ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕੀਤੀ ਕਿ ਜਿਹੜੇ ਬੰਦੀ ਸਿੰਘ 35—40 ਸਾਲਾਂ ਤੋਂ ਜੇਲ੍ਹਾਂ ਵਿਚ ਬੈਠੇ ਹਨ ਅਤੇ ਜਿਹੜੇ ਸਿੰਘਾਂ ਨੂੰ ਸਰਕਾਰ ਨੇ ਜੇਲ੍ਹਾਂ ਵਿਚ ਡੱਕਿਆ ਹੈ, ਉਨ੍ਹਾਂ ਨੂੰ ਵੀ ਰਿਹਾਅ ਕਰੋ ਅਤੇ ਨਾਲ ਹੀ ਜਿਹੜੇ ਕਿਸਾਨ ਦਿੱਲੀ ਦੀਆਂ ਸੜਕਾਂ ਤੇ ਬੈਠੇ ਹਨ, ਉਨ੍ਹਾਂ ਦੀ ਸਰਕਾਰ ਛੇਤੀ ਮੰਗ ਮੰਨਣ। ਬਾਬਾ ਜੀ ਨੇ ਅੱਗੇ ਕਿਹਾ ਕਿ 28ਵਾਂ ਭੰਡਾਰਾ ਸੰਤ ਮਹਿਰਾਮ ਦਾਸ ਜੀ ਨੂੰ ਸਮਰਪਿਤ ਮਹਾਨ ਸਮਾਗਮ 22 ਅਕਤੂਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਬਾਬਾ ਜੀ ਨੇ ਅੱਗੇ ਕਿਹਾ ਕਿ ਗੁਰਦੁਆਰਾ ਛੱਪੜੀ ਸਾਹਿਬ ਦੇ ਲੰਗਰ






ਹਾਲ ਦੀ ਕਾਰ ਸੇਵਾ ਚੱਲ ਰਹੀ ਹੈ, ਸੰਗਤਾਂ ਨੂੰ ਬੇਨਤੀ ਹੈ ਕਿ ਉਹ ਵੱਧ ਤੋਂ ਵੱਧ ਤਨ, ਮਨ, ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਉਤਸਵ ਦੇ ਮੌਕੇ ਪੰਜਾਬ ਭਰ ਵਿਚ ਸਰਕਾਰੀ ਛੁੱਟੀ ਕੀਤੀ ਜਾਵੇ: ਨੰਢਾ



**ਫਿਰੋਜ਼ਪੁਰ, 17 ਅਕਤੂਬਰ (ਮਨੋਹਰ ਲਾਲ/ਸੁਖਮੰਦਰ ਸਿੰਘ ਸ਼ਾਤ)**-19 ਅਕਤੂਬਰ ਨੂੰ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸਮੁੱਚੇ ਸੰਸਾਰ ਵਿਚ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸ਼ਹਿਰੀ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਢਾ ਨੇ ਦੱਸਿਆ ਕਿ ਇਸ ਦਿਨ ਪੰਜਾਬ ਭਰ ਤੋਂ ਸੰਗਤਾਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਣ ਲਈ ਜਾਂਦੀਆਂ ਹਨ। ਬੇਸ਼ੱਕ ਇਸ ਦਿਨ ਸ੍ਰੀ ਅੰਮ੍ਰਿਤਸਰ ਜਿਲ੍ਹਾ ਪ੍ਰਸ਼ਾਸਨ ਵਲੋਂ ਤਾਂ ਆਪਣੇ ਜਿਲ੍ਹੇ ਵਿੱਚ ਸਰਕਾਰੀ ਛੁੱਟੀ ਕੀਤੀ ਜਾਂਦੀ ਹੈ ਪਰ ਬਾਕੀ ਸਾਰੇ ਪੰਜਾਬ ਦੇ ਸਰਕਾਰੀ ਅਦਾਰੇ ਇਸ ਦਿਨ ਖੁਲ੍ਹੇ ਰਹਿੰਦੇ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਸ੍ਰੀ ਅੰਮ੍ਰਿਤਸਰ ਸ਼ਹਿਰ ਦੀ ਨੀਂਹ ਰੱਖਣ ਵਾਲੇ ਚੌਥੇ ਪਾਤਸ਼ਾਹ ਗੁਰੂ ਰਾਮਦਾਸ ਜੀ ਦੀਆਂ ਮਹਾਨ ਸੇਵਾਵਾਂ ਨੂੰ ਦੇਖਦੇ ਹੋਏ ਉਹਨਾਂ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਰਕਾਰੀ ਛੁੱਟੀ ਕੀਤੀ ਜਾਵੇ ਤਾਂ ਜੋ ਸਭ ਸਰਕਾਰੀ ਮੁਲਾਜ਼ਮ ਤੇ ਆਮ ਸੰਗਤਾਂ ਇਸ ਦਿਹਾੜੇ ਨੂੰ ਸ਼ਰਧਾ ਸਹਿਤ ਮਨਾ ਸਕਣ। ਇਸ ਮੌਕੇ ਉਹਨਾਂ ਨਾਲ ਫੈਡਰੇਸ਼ਨ ਦੇ ਅਨੇਕਾਂ ਆਗੂ ਸਾਹਿਬਾਨ ਵੀ ਹਾਜਰ ਸਨ।

# ਦੋ ਮੁੱਲਾਂ ਮੇ ਮੁਰਗੀ ਹਰਾਮ : ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 17 ਅਕਤੂਬਰ (ਮਨੋਹਰ ਲਾਲ)** :— ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਕਾਰਜਕਰਤਾ ਹਰ ਖੇਤਰ ਵਿਚ 1914 ਤੋਂ ਅਹਿਮ ਭੂਮਿਕਾ ਨਿਭਾਉਣ ਵਾਲੇ ਸਮਾਜ ਸੇਵੀ ਸੰਸਥਾ ਸਦਾਵਰਤ ਪੰਚਾਇਤੀ ਜ਼ੋ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਨਾਲ ਤਾਲਮੇਲ ਕਰਕੇ ਹਰ ਸਾਲ ਸੈਂਕੜੇ ਨਹੀਂ ਹਜ਼ਾਰਾਂ ਲੋੜਵੰਦਾਂ ਬੱਚਿਆਂ, ਵਿਧਵਾਵਾਂ, ਬਜ਼ੁਰਗਾਂ ਦੀ ਘਰ ਪੱਧਰ ਤੋਂ ਸੇਵਾਵਾਂ ਨਿਭਾਉਣ ਦਾ ਬੀੜਾ ਪਿਛਲੇ 50 ਸਾਲਾਂ ਤੋਂ ਸਿਹਤ ਮਹਿਕਮੇ ਦੇ ਅਧਿਕਾਰੀ, ਕਰਮਚਾਰੀ ਹੋਣ ਦੇ ਨਾਤੇ ਸੇਵਾਵਾਂ ਦੇਣ ਦੇ ਨਾਲ—ਨਾਲ ਸਮਾਜ ਸੇਵਾ ਨਿਭਾਉਣ ਦਾ ਜ਼ੋ ਵਿਰਸੇ ਵਿਚ ਮਿਲਿਆ ਅਦਾ ਕਰਦੇ ਬੱਚਿਆਂ, ਬਜ਼ੁਰਗਾਂ ਵੱਲੋਂ ਹਸਣਾ, ਡਾਕਟਰ, ਭਗਤ ਦੀ ਦਾਤਨਾਂ ਨਾਲ, ਗਰੀਬਾਂ ਬਿਮਾਰਾਂ ਦਾ ਮਸੀਹਾ ਆਦਿ ਦੇ ਨਾਮ ਨਾਲ ਜਾਣਿਆ ਜਾਣ ਵਾਲਾ ਸੇਵਾ ਮੁਕਤੀ ਮਾਸ ਮੀਡੀਆ ਅਫਸਰ ਅੱਜ 83 ਸਾਲ ਦੀ ਉਮਰ ਪਾਰ ਕਰ ਰੋਜ਼ਾਨਾ ਸੁਭਾ 4:40 ਤੋਂ ਰਾਤ 10 ਵਜੇ ਤੱਕ ਗਲੀਆਂ, ਮੁਹੱਲਿਆਂ ਸ਼ਿਵਾਲੇ, ਗਊਸ਼ਾਲਾ, ਸਮਸ਼ਾਨਘਾਟ, ਹਸਪਤਹਾਲਾਂ, ਰੋਗ, ਸੋਗ, ਸਾਦੀ, ਗਮੀ ਭਾਵ ਸਾਰੇ ਦਿਨ ਰਾਤ ਸੇਵਾ ਨਿਭਾਉਂਦੇ ਦਾਤਨਾ ਵਾਲਾ ਐਮ.ਸੀ ਹਰ ਲੋੜਵੰਦ ਤੱਕ ਦੁੱਖ ਦਰਦ ਨਾ ਕੇਵਲ ਮੁਸੀਬਤ ਬਲਕਿ ਖੁਸ਼ੀ ਵਿਚ ਖੁਸ਼ੀ ਵਧਾਉਣ, ਸਮਾਜ ਸੁਧਾਰਕ ਦਾ ਵੀ ਮਾਨ ਪ੍ਰਾਪਤ, ਕੀਤੀ ਤੋਂ ਲੈ ਕੇ ਹਰ ਜਾਨਵਰ ਦੀ ਸੇਵਾ ਨਿਭਾਉਂਦੇ ਹੋਏ ਹਰ ਘਰ ਵਿਚ ਬੱਚੇ ਬਾਬਾ ਨੌਜਵਾਨ ਪਿੰਡਾਂ, ਬਜ਼ੁਰਗਾਂ ਉਨ੍ਹਾਂ ਨੂੰ ਲੋੜਵੰਦਾਂ ਮਸੀਹ ਜ਼ੋ ਬੱਚੇ ਪੰਜਾਹ ਸਾਲ ਪਹਿਲਾਂ ਸਕੂਲਾਂ ਵਿਚ ਇਨ੍ਹਾਂ ਵੱਲੋਂ ਦਿੱਤੀਆਂ ਸਿੱਖਿਆਵਾਂ, ਚੰਗੇ ਇਨਸਾਨ ਜ਼ਰੂਰ ਬਣੋ, ਭਾਵੇਂ ਸੇਵਾਦਾਰ ਹੀ ਬਨੋ ਅੱਜ ਹਰ ਖੇਤਰ ਵਿਚ ਜਿਥੇ ਵੀ ਉਹ ਕੰਮ ਕਰ ਭਾਵੇ ਰਸੋਈ, ਦੁਕਾਨ, ਚੌਕੀ ਦਾ ਚਾਹੇ ਅਧਿਕਾਰੀ ਕਰਮਚਾਰੀ ਆਦਿ ਹਨ, ਉਨ੍ਹਾਂ ਵੱਲੋਂ ਦਿੱਤੀਆਂ ਸਿੱਖਿਆਵਾਂ ਨੂੰ ਭੁੱਲੇ ਨਹੀਂ ਪੈਰਾਂ ਨੂੰ ਬੱਚਿਆਂ ਪਤਨੀ ਸਹਿਤ ਨਤਮਸਤਕ ਹੋ ਚੰਗੇ ਬੱਚੇ, ਵਿਦਿਆਰਥੀ, ਸ਼ਹਿਰੀ ਦਾ ਮਾਨ ਪ੍ਰਾਪਤ ਕਰ ਤਨਦੇਹੀ ਨਾਲ ਫਰਜ ਨਿਭਾਅ ਰਹੇ ਹਨ।

# ਸ਼ਰਦ ਪੂਰਨਿਮਾ ਕ੍ਰਿਸ਼ਨ ਭਗਤਾਂ ਦਾ ਮਨਪਸੰਦ ਤਿਉਹਾਰ: ਸਾਗਰ ਮੁਨੀ ਸ਼ਾਸਤਰੀ

**ਚੌਕ ਮਹਿਤਾ, 17 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੀ ਕ੍ਰਿਸ਼ਨ ਪ੍ਰੇਮੀ ਹਰ ਸਾਲ ਸ਼ਰਦ ਪੂਰਨਿਮਾ ਦੀ ਉਡੀਕ ਕਰਦੇ ਰਹਿੰਦੇ ਹਨ ਕਿਉਂਕਿ ਇਹ ਤਿਉਹਾਰ ਸ਼੍ਰੀ ਸ਼੍ਰੀ ਕ੍ਰਿਸ਼ਨ ਭਗਤਾਂ ਦੇ ਮਨਾਂ ਵਿੱਚ ਉਨ੍ਹਾਂ ਦੇ ਠਾਕੁਰ ਜੀ ਲਈ ਪਿਆਰ ਪੈਦਾ ਕਰਦਾ ਹੈ। ਚੌਂਕ ਪਸਿਆਣਾ ਸਥਿਤ ਸ਼੍ਰੀ ਜੈ ਕ੍ਰਿਸ਼ਨ ਮੰਦਰ ਵਿਖੇ ਸ਼ਰਦ ਪੂਰਨਿਮਾ ਦੇ ਮੌਕੇ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ। ਮੰਦਰ ਦੇ ਸੰਚਾਲਕ ਦਰਸ਼ਨਚਾਰੀਆ ਸਾਗਰ ਮੁਨੀ ਸ਼ਾਸਤਰੀ ਜੀ ਨੇ ਸ਼ਰਧਾਲੂਆਂ ਨੂੰ ਸ਼੍ਰੀਮਦ ਭਾਗਵਦ ਪੁਰਾਣ ਵਿੱਚ ਲਿਖੀ ਸ਼ਰਦ ਪੂਰਨਿਮਾ ਦੀ ਲੀਲਾ ਬਾਰੇ



ਦੱਸਦਿਆਂ ਦੱਸਿਆ ਕਿ ਇਸ ਦਿਨ ਭਗਵਾਨ ਸ਼੍ਰੀ ਕ੍ਰਿਸ਼ਨ ਮਹਾਰਾਜ ਨੇ ਬ੍ਰਿਜਧਾਮ ਵਿੱਚ ਗੋਪੀਆਂ ਨਾਲ ਰਾਸ ਕੀਤਾ ਸੀ। ਰਾਸ ਲੀਲਾ ਦਾ ਅਰਥ ਹੈ ਪਰਮਾਤਮਾ ਨਾਲ ਆਤਮਾ ਦਾ ਮਿਲਾਪ ਸ਼ਾਸਤਰੀ ਜੀ ਨੇ "ਯਮੁਨਾ ਦੇ ਕਿਨਾਰੇ ਤੇ ਚੰਦਾ ਦੀ ਚਾਂਦਨੀ ਵਿੱਚ ਤੁਹਾਡੇ ਨਾਲ ਹੋਵੇ" ਭਜਨ ਗਾ ਕੇ ਸ਼ਰਧਾਲੂਆਂ ਨੂੰ ਮੋਹਿਤ ਕੀਤਾ। ਜਿਸ ਤਰ੍ਹਾਂ ਸ਼੍ਰੀ ਕ੍ਰਿਸ਼ਨ ਮਹਾਰਾਜ ਸ਼ਰਦ ਪੂਰਨਿਮਾ ਦੀ ਰਾਤ ਨੂੰ ਗੋਪੀਆਂ ਦੇ ਹੰਕਾਰ ਕਾਰਨ ਅਲੋਪ ਹੋ ਜਾਂਦੇ ਹਨ, ਉਸੇ ਤਰ੍ਹਾਂ ਹੀ ਭਗਵਾਨ ਆਯੁਰਵੇਦ ਸ਼ਾਸਤਰ ਦੇ ਅਨੁਸਾਰ ਚੰਦਰਮਾ ਦੀ ਠੰਡ ਵਿੱਚ ਹੰਕਾਰ ਕਰਨ ਵਾਲੇ ਸ਼ਰਧਾਲੂਆਂ ਤੋਂ ਦੂਰ ਹੋ ਜਾਂਦੇ ਹਨ ਸ਼ਰਦ ਪੂਰਨਿਮਾ 'ਤੇ ਦੁੱਧ, ਖੀਰ ਆਦਿ ਦਾ ਪ੍ਰਸ਼ਾਦ ਰੱਖਣਾ ਚਾਹੀਦਾ ਹੈ। ਜਿਸ ਕਾਰਨ ਇਹ ਪਦਾਰਥ ਅੰਮ੍ਰਿਤ ਬਣ ਜਾਂਦੇ ਹਨ। ਠਾਕੁਰ ਜੀ ਦੀ ਇਲਾਹੀ ਮੂਰਤੀ ਨੂੰ ਇਸ਼ਨਾਨ ਕਰਵਾਇਆ ਗਿਆ ਅਤੇ ਸ਼ਰਧਾਲੂਆਂ ਨੂੰ ਸ਼ਾਸਤਰੀ ਜੀ ਨੇ ਲੋਕ ਭਲਾਈ ਲਈ ਅਰਦਾਸ ਕੀਤੀ। ਨੀਲਮ ਮਹਾਜਨ, ਸਰੀਨ, ਜਤਿਨ ਰਤਨੀ, ਰਜਤ ਮਹਾਜਨ, ਸਿਧਾਂਤ, ਆਦਿ ਗੌਤਮ ਭਗਤ ਹਾਜ਼ਰ ਸਨ।

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਕੱਤਕ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ







**ਫ਼ਿਰੋਜ਼ਪੁਰ, 17 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਕੱਤਕ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਅਤੇ ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਸਰਬਜੀਤ ਸਿੰਘ ਰਾਗੀ ਜਾਮਨੀ ਸਾਹਿਬ ਨੇ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਹੁਕਮਨਾਮੇ ਦੀ ਕਥਾ ਕੀਤੀ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਸੰਗਤਾਂ ਨੂੰ ਲੱਖ—ਲੱਖ ਵਧਾਈਆਂ ਦਿੱਤੀਆਂ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਕਿਹਾ ਕਿ ਸਾਰੇ ਮਹੀਨੇ ਵਿਚ ਸੰਗਰਾਂਦ, ਪੂਰਨਮਾਸੀ, ਮੱਸਿਆ ਨੂੰ ਬਹੁਤ ਸ਼ੁਭ ਦਿਹਾੜਾ ਮੰਨਿਆ ਜਾਂਦਾ ਹੈ, ਇਨ੍ਹਾਂ ਦਿਨਾਂ ਵਿਚ ਸਾਨੂੰ ਗੁਰਦੁਆਰਾ ਸਾਹਿਬ ਵਿਚ ਹਾਜ਼ਰੀ ਜ਼ਰੂਰ ਲਾਉਣੀ ਚਾਹੀਦੀ ਹੈ। ਗੁਰੂ ਘਰ ਜਾਣ ਨਾਲ ਸਾਡਾ ਮਨ ਸ਼ੁੱਧ ਹੁੰਦਾ ਹੈ, ਕਾਰੋਬਾਰ ਵਿਚ ਵਾਧਾ ਹੁੰਦਾ ਹੈ ਅਤੇ ਤਰੱਕੀਆਂ ਮਿਲਦੀਆਂ ਹਨ, ਜਿਸ ਤਰ੍ਹਾਂ ਬੱਚੇ ਹਰ ਰੋਜ਼ ਸਕੂਲ ਜਾਂਦੇ ਹਨ ਅਤੇ ਵੱਡੀਆਂ—ਵੱਡੀਆਂ ਡਿਗਰੀਆਂ ਪ੍ਰਾਪਤ ਕਰਦੇ ਹਨ, ਇਸ ਤਰ੍ਹਾਂ ਗੁਰੂ ਘਰ ਜਾਣ ਨਾਲ ਸਾਨੂੰ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿਕ ਲਯੁੱਗ ਦਾ ਸਮਾਂ ਬਹੁਤ ਭਿਆਨਕ ਚੱਲ ਰਿਹਾ ਹੈ, ਕਲਯੁੱਗ ਜਿਹੜਾ ਨਾਮ ਜਪਦਾ ਹੈ, ਉਸ ਦਾ ਮਨ ਭੜਕ ਰਿਹਾ ਹੈ, ਇਸ ਲਈ ਮਨ ਨੂੰ ਕਾਬੂ ਕਰਕੇ ਵੱਧ ਤੋਂ ਵੱਧ ਨਾਮ ਸਿਮਰਨ ਕਰੋ। ਬਾਬਾ ਜੀ ਨੇ ਅੱਗੇ ਕਿਹਾ ਕਿ ਵਾਹਿਗੁਰੂ ਜੀ ਜ਼ੋ ਕਰਦਾ ਹੈ, ਚੰਗਾ ਹੀ ਕਰਦਾ ਹੈ, ਜਿਵੇਂ ਵਾਹਿਗੁਰੂ ਜੀ ਮੀਂਹ ਪਾਉਂਦਾ ਹੈ, ਉਸ ਨਾਲ ਸਾਡੀਆਂ ਫਸਲਾਂ ਚੰਗੀਆਂ ਹੁੰਦੀਆਂ ਹਨ, ਇਸੇ ਤਰ੍ਹਾਂ ਵਾਹਿਗੁਰੂ ਹਨੇਰੀ ਲਿਆਉਂਦਾ ਹੈ, ਇਹ ਵੀ ਕਈ ਜਾਨਵਰਾਂ ਵਾਸਤੇ ਚੰਗੀ ਹੁੰਦੀ ਹੈ, ਜਿਵੇਂ ਵੱਡੇ—ਵੱਡੇ ਸੱਪ ਮਿੱਟੀ ਖਾਂਦੇ ਹਨ, ਉਹ ਕੁੰਡਲੀ ਮਾਰ ਕੇ ਮਿੱਟੀ ਇਕੱਠੀ ਕਰ ਲੈਂਦੇ ਹਨ। ਇਸ ਲਈ ਸਾਨੂੰ ਨਿਰੰਕਰ ਪਰਮੇਸ਼ਰ ਦੇ ਭਾਣੇ ਵਿਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਅੱਜ ਲੋੜ ਹੈ ਰੱਬ ਨਾਲ ਜੁੜਣ ਦੀ, ਕਿਉਂਕਿ ਇਹ ਦੁਨਿਆਵੀਂ ਕੰਮ ਇਥੇ ਹੀ ਰਹਿ ਜਾਣੇ ਹਨ, ਇਸ ਲਈ ਸਭ ਤੋਂ ਵਧੀਆ ਕਾਰਜ ਨਾਮ ਜਪਣਾ ਹੈ ਅਤੇ ਗੁਰੂ ਘਰ ਜਾਉ ਉਥੇ ਤੁਹਾਨੂੰ ਸਭ ਕੁਝ ਪ੍ਰਾਪਤ ਹੁੰਦਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਏ ਗਏ।

ਭਾਕਿਯੂ ਏਕਤਾ ਉਗਰਾਹਾਂ ਵੱਲੋਂ ਝੋਨੇ ਦੀ ਖਰੀਦ ਨਿਰਵਿਘਨ ਚਾਲੂ ਕਰਾਉਣ ਲਈ

# ਪੱਕੇ ਮੋਰਚੇ ਲਾ ਕੇ ਸ਼ੇਖਪੁਰਾ ਟੋਲ ਪਲਾਜ਼ਾ ਕੀਤਾ ਫਰੀ

**ਤਲਵੰਡੀ ਸਾਬੋ, 17 ਅਕਤੂਬਰ (ਗੁਰਜੰਟ ਸਿੰਘ ਨਥੇਹਾ)-** ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਬਲਾਕ ਤਲਵੰਡੀ ਸਾਬੋ ਵੱਲੋਂ ਪੂਰੀ ਝੋਨਾ ਖਰੀਦ ਅਤੇ ਚੁਕਾਈ ਲਈ 17 ਅਕਤੂਬਰ ਤੋਂ ਸ਼ੇਖਪੁਰਾ ਟੋਲ ਫਿਰੀ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਜ਼ਿਲਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਜਸਵੀਰ ਸਿੰਘ ਨੇ ਟੀਮ ਦੇ ਫ਼ੈਸਲੇ ਅਨੁਸਾਰ 17 ਅਕਤੂਬਰ ਤੋਂ ਟੋਲ ਫਰੀ ਅਤੇ 18 ਅਕਤੂਬਰ ਤੋਂ ਆਪ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਅੱਗੇ ਮੋਰਚੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਮੰਨੇ ਜਾਣ ਤੱਕ ਲਗਾਤਾਰ ਦਿਨੇ ਰਾਤ ਜਾਰੀ ਰੱਖੇ ਜਾਣਗੇ। ਇਨ੍ਹਾਂ ਮੰਗਾਂ ਵਿੱਚ ਝੋਨੇ




ਦੀ ਪੂਰੇ ਐੱਮਐੱਸਪੀ 'ਤੇ ਨਿਰਵਿਘਨ ਖ੍ਰੀਦ ਚਾਲੂ ਕਰਨ ਤੋਂ ਇਲਾਵਾ ਹੁਣ ਤੱਕ ਘੱਟ ਮੁੱਲ 'ਤੇ ਵਿਕੇ ਝੋਨੇ ਦੀ ਕਮੀ ਪੂਰਤੀ ਕਰਨ; ਸਰਕਾਰੀ ਸਿਫਾਰਸ਼ ਅਨੁਸਾਰ ਪਾਣੀ ਦੀ ਬੱਚਤ ਲਈ ਬੀਜੀ ਗਈ ਪੀ ਆਰ 126 ਕਿਸਮ ਦੇ ਪੂਸਾ 44 ਨਾਲੋਂ ਘੱਟ ਝਾੜ ਦੀ ਅਤੇ ਐੱਮਐੱਸਪੀ ਤੋਂ ਘੱਟ ਮਿਲੇ ਮੁੱਲ ਦੀ ਕਮੀ ਪੂਰਤੀ ਕਰਨ; ਬਾਸਮਤੀ ਦਾ ਲਾਭਕਾਰੀ ਐੱਮਐੱਸਪੀ ਮਿਥਣ ਅਤੇ ਹੁਣ ਪਿਛਲੇ ਸਾਲ ਵਾਲੇ ਔਸਤ ਰੇਟ 'ਤੇ ਖ੍ਰੀਦ ਕਰਨ ਸਮੇਤ ਹੁਣ ਤੱਕ ਪੈ ਚੁੱਕੇ ਘਾਟੇ ਦੀ ਕਮੀ ਪੂਰਤੀ ਕਰਨ; ਝੋਨੇ ਦੀ ਵੱਧ ਤੋਂ ਵੱਧ ਨਮੀ 22% ਕਰਨ ਅਤੇ ਦਾਗੀ ਦਾਣਿਆਂ ਵਰਗੀਆਂ ਹੋਰ ਸ਼ਰਤਾਂ ਨਰਮ ਕਰਨ; ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਨ੍ਹਾਂ ਦੀ ਮੰਗ ਅਨੁਸਾਰ ਮਿਥਣ ਅਤੇ ਹੋਰ ਹੱਕੀ ਮੰਗਾਂ ਮੰਨਣ, ਸੰਸਾਰ ਵਪਾਰ ਸੰਸਥਾ ਦੀ ਖੁੱਲ੍ਹੀ ਮੰਡੀ ਦੀ ਨੀਤੀ ਰੱਦ ਕਰਨ ਅਤੇ ਇਸ ਸੰਸਥਾ 'ਚੋਂ ਬਾਹਰ ਆਉਣ; ਨਵੇਂ ਚੌਲਾਂ ਦੀ ਸਟੋਰੇਜ ਲਈ ਸ਼ੈਲਰ ਮਾਲਕਾਂ ਦੇ ਜਮ੍ਹਾਂ ਪਏ ਚੌਲਾਂ ਦੀ ਚੁਕਾਈ ਤੇਜ਼ੀ ਨਾਲ ਕਰਨ, ਪਰਾਲ਼ੀ ਸਾੜਨ ਤੋਂ ਬਗੈਰ ਨਿਪਟਾਰੇ ਲਈ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦੇਣ ਅਤੇ ਕੇਸ ਮੜ੍ਹਨ, ਜੁਰਮਾਨੇ ਕਰਨ ਜਾਂ ਲਾਲ ਐਂਟਰੀਆਂ ਕਰਨ ਦਾ ਜਬਰ ਸਿਲਸਿਲਾ ਬੰਦ ਕਰਨ ਸਮੇਤ ਪਹਿਲਾਂ ਚੁੱਕੇ ਅਜਿਹੇ ਜਾਬਰ ਕਦਮ ਵਾਪਸ ਲੈਣ ਵਰਗੀਆਂ ਮੰਗਾਂ ਸ਼ਾਮਲ ਹਨ। ਕਿਸਾਨ ਆਗੂਆਂ ਨੇ ਕਿਸਾਨਾਂ ਦੀਆਂ ਇਨ੍ਹਾਂ ਹੱਕੀ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਨ ਲਈ ਕੇਂਦਰੀ ਤੇ ਪੰਜਾਬ ਦੋਨਾਂ ਸਰਕਾਰਾਂ ਨੂੰ ਦੋਸ਼ੀ ਠਹਿਰਾਇਆ ਹੈ, ਜਿਹੜੀਆਂ ਕਾਰਪੋਰੇਟ ਪੱਖੀ ਸੰਸਾਰ ਵਪਾਰ ਸੰਸਥਾ ਦੀ ਖੁੱਲ੍ਹੀ ਮੰਡੀ ਦੀ ਨੀਤੀ ਮੜ੍ਹਨ 'ਤੇ ਉਤਾਰੂ ਹਨ। ਉਨ੍ਹਾਂ ਨੇ ਸਰਕਾਰਾਂ ਦੇ ਇਨ੍ਹਾਂ ਕਿਸਾਨ ਮਾਰੂ ਇਰਾਦਿਆਂ ਨੂੰ ਮਾਤ ਦੇਣ ਲਈ ਪੰਜਾਬ ਦੇ ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਪ੍ਰਵਾਰਾਂ ਸਮੇਤ ਪੱਕੇ ਮੋਰਚਿਆਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਇਸ ਦੀ ਤਿਆਰੀ ਲਈ ਜਿਲ੍ਹੇ ਦੀਆਂ ਵੱਖ-ਵੱਖ ਟੀਮਾਂ ਵੱਲੋਂ ਗੱਡੀਆਂ ਤੇ ਸਪੀਕਰਾਂ ਰਾਹੀਂ ਸਮੂਹ ਪਿੰਡਾਂ ਦੇ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਇਨ੍ਹੀਂ ਦਿਨੀਂ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਦਿਨ ਰਾਤ ਇੱਕ ਕਰਨ ਵਾਂਗ ਹੀ ਸਰਕਾਰਾਂ ਦੇ ਇਸ ਕਿਸਾਨ ਮਾਰੂ ਹਮਲੇ ਨੂੰ ਮਾਤ ਦੇਣ ਲਈ ਉਸੇ ਤਰ੍ਹਾਂ ਜ਼ੋਰ ਲਾ ਕੇ ਇਨ੍ਹਾਂ ਮੋਰਚਿਆਂ ਵਿੱਚ ਵੀ ਪਹੁੰਚਣ ਦਾ ਸੱਦਾ ਦਿੱਤਾ। ਇਸ ਮੌਕੇ ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਦੇ ਜ਼ਿਲਾ ਮੀਤ ਪ੍ਰਧਾਨ ਜਗਤਾਰ ਸਿੰਘ ਵੱਲੋਂ ਭਰਵੀ ਹਮਾਇਤ ਕੀਤੀ ਗਈ ਤੇ ਕਿਹਾ ਕੇ ਆਉਣ ਵਾਲੇ ਸਮੇਂ ਵਿੱਚ ਅਸੀਂ ਸਾਰੇ ਪੰਜਾਬ ਦੇ ਸੈਨਿਕਾਂ ਨੂੰ ਇਕੱਠੇ ਕਰਕੇ ਕਿਸਾਨਾਂ ਮਜ਼ਦੂਰਾਂ ਦੀ ਡਟਵੀ ਹਮਾਇਤ ਕਰਾਂਗੇ ਹਰ ਵਕਤ ਕਿਸਾਨਾਂ ਮਜ਼ਦੂਰਾਂ ਦੇ ਹੱਕਾ ਲਈ ਡਟਵੀ ਹਮਾਇਤ ਕਰਨ ਦਾ ਐਲਾਨ ਕਰਦੇ ਹਾਂ। ਇਸ ਮੌਕੇ ਤਲਵੰਡੀ ਸਾਬੋ ਦੇ ਬਲਾਕ ਆਗੂ ਜਨਰਲ ਸੈਕਟਰੀ ਕਾਲਾ ਸਿੰਘ ਚੱਠੇਵਾਲਾ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ ਤੇ ਮੌੜ ਬਲਾਕ ਦੇ ਆਗੂ ਰਾਵਿੰਦਰ ਸਿੰਘ ਰਾਮਨਗਰ ਗੁਰਦੀਪ ਸਿੰਘ ਮਾਈਸਰਖਾਨਾ, ਭੋਲਾ ਸਿੰਘ ਮਾੜੀ, ਭਿੰਦਰ ਸਿੰਘ ਭਾਈ ਬਖਤੌਰ, ਗੁਰਜੀਤ ਸਿੰਘ ਬੰਗੇਹਰ ਤੇ ਦੋਨਾਂ ਬਲਾਕਾਂ ਦੇ ਕਿਸਾਨ ਮਜ਼ਦੂਰ ਮੋਰਚੇ ਵਿਚ ਸ਼ਾਮਿਲ ਸਨ।

# ਇਲੈਕਟ੍ਰੋਹੋਮਿਉਪੈਥਿਕ ਡਾਕਟਰਾਂ ਦੀ ਅਕਤੂਬਰ ਮਹੀਨੇ ਦੀ ਮੀਟਿੰਗ ਚੋਖਾਂ ਅੰਪਾਇਰ ਵਿਖੇ ਹੋਈ







**ਮੋਗਾ, 17 ਅਕਤੂਬਰ ਸੁਖਮੰਦਰ ਸਿੰਘ ਸ਼ਾਂਤ-** ਇਲੈਕਟ੍ਰੋਹੋਮਿਉਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਅਕਤੂਬਰ ਮਹੀਨੇ ਦੀ ਚੋਖਾ ਅੰਪਾਇਰ ਬੁੱਘੀਪੁਰਾ ਚੌਂਕ ਮੋਗਾ ਵਿਖੇ ਹੋਈ ਜਿਸ ਵਿੱਚ ਪੰਜਾਬ ਹਰਿਆਣਾ ਦਿੱਲੀ ਤੋਂ 90 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ। ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਦੁਆਰਾ ਕੀਤੀ ਗਈ। ਉਹਨਾਂ ਸਿਹਤ ਵਿਭਾਗ ਵੱਲੋਂ ਜਾਰੀ ਹੋਈਆਂ ਨਵੀਆਂ ਹਦਾਇਤਾ ਬਾਰੇ ਦੱਸਿਆ। ਇਸ ਸਮੇਂ ਡਾ. ਜਗਤਾਰ ਸਿੰਘ ਸੇਖੋਂ ਨੇ ਨਬਜ ਦੀ ਜਾਂਚ ਕਰਨ ਦੇ ਅਡਵਾਂਸ ਤਰੀਕੇ ਬਾਰੇ ਜਾਣਕਾਰੀ ਦਿੱਤੀ। ਡਾ. ਕਮਲਜੀਤ ਕੌਰ ਸੇਖੋਂ ਨੇ ਇਲੈਕਟ੍ਰੋਹੋਮਿਉਪੈਥੀ ਦੇ 2 ਪੌਦਿਆਂ ਬਾਰੇ ਜਾਣਕਾਰੀ ਦਿੱਤੀ। ਡਾ. ਪਰਮਿੰਦਰ ਕੁਮਾਰ ਪਾਠਕ ਨੇ ਇਲੈਕਟ੍ਰੋਹੋਮਿਉਪੈਥੀ ਦੀ ਦਵਾਈ ਕੈਨਸਰੋਸੋ 13 ਦੇ ਕੰਮਾਂ ਬਾਰੇ ਦੱਸਿਆ। ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਟੈਮਪਰਾਮੈਂਟ ਸਬੰਧੀ ਜਾਣਕਾਰੀ ਦਿੱਤੀ। ਡਾ. ਜਸਵਿੰਦਰ ਸਿੰਘ ਸਮਾਧ ਭਾਈ ਨੇ ਇਲੈਕਟ੍ਰੋਹੋਮਿਉਪੈਥੀ ਦੀਆਂ ਦਵਾਈਆਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਸਮੇਂ ਸੰਤੋਖ ਸਿੰਘ ਨੇ ਚੰਬਲ ਰੋਗ, ਡਾ. ਜਗਦੀਪ ਸਿੰਘ ਘਾਲੀ ਨੇ ਗੁਰਦੇ ਰੋਗ ਅਤੇ ਚਮੜੀ ਰੋਗ, ਡਾ. ਐਸ ਕੇ ਕਟਾਰੀਆ ਦੁਆਰਾ ਬੱਚਿਆਂ ਦੇ ਕਪੋਸ਼ਨ ਅਤੇ ਜਮਾਂਦਰੂ ਰੋਗ, ਡਾ. ਅਵਤਾਰ ਸਿੰਘ ਦੇਵਗਨ ਦੁਆਰਾ ਸੈੱਲਾਂ ਦਾ ਘਟਨਾ ਸਬੰਧੀ ਕਾਰਨ ਅਤੇ ਇਲਾਜ ਸਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਸਮੇਂ ਮੀਟਿੰਗ ਦੌਰਾਨ ਡਾ. ਸਰਬਜੀਤ ਸਿੰਘ, ਡਾ. ਸੰਤੋਖ ਸਿੰਘ ਜੋਸ਼ਨ, ਡਾ. ਸ਼ਿੰਦਰ ਸਿੰਘ, ਡਾ. ਨਾਰੇਸ਼ ਭੰਡਾਰੀ, ਡਾ. ਜਸਪਾਲ ਸਿੰਘ ਵਿਰਕ, ਡਾ. ਪਰਦੀਪ ਕੁਮਾਰ, ਡਾ. ਅੰਮ੍ਰਿਤਪਾਲ ਸਿੰਘ, ਡਾ. ਕੁਲਦੀਪ ਕੌਰ, ਡਾ: ਰਾਜੇਸ਼ ਕੁਮਾਰ, ਡਾ: ਮੋਹਨ ਸਿੰਘ, ਡਾ: ਕ੍ਰਿਸ਼ਨ ਸਿੰਘ ਕੈਰੇ, ਡਾ: ਸਤਨਾਮ ਸਿੰਘ, ਡਾ: ਗੁਰਨਾਮ ਸਿੰਘ, ਡਾ: ਸੁਰਜੀਤ ਸਿੰਘ, ਡਾ: ਕ੍ਰਿਸ਼ਨਪਾਲ, ਡਾ: ਸੁਰੇਸ਼ ਕੁਮਾਰ ਕਟਾਰੀਆ, ਡਾ: ਵੀਰਪਾਲ ਕੌਰ, ਡਾ: ਜਸਵੀਰ, ਡਾ: ਪਰਵੀਨ ਕੌਰ, ਡਾ: ਅਰਚਨਾ ਸ਼ਰਮਾ, ਡਾ: ਵਿੰਦਰ ਕੌਰ, ਡਾ: ਦਵਿੰਦਰ ਸਿੰਘ, ਡਾ. ਜੋਗਾ ਸਿੰਘ, ਡਾ: ਰਣਜੀਤ ਸਿੰਘ, ਡਾ: ਵਿਸ਼ਾਲ ਅਰੋੜਾ, ਡਾ: ਸੰਜੀਵ ਜੁਨੇਜਾ, ਡਾ: ਜਗਜੀਤ ਸਿੰਘ, ਡਾ: ਹਰਜੀਤ ਸਿੰਘ, ਡਾ: ਜਸਵੀਰ ਸ਼ਰਮਾ, ਡਾ. ਬਲਜਿੰਦਰ ਸਿੰਘ, ਡਾ: ਸੁਖਵਿੰਦਰ ਸਿੰਘ ਆਦਿ ਹਾਜਰ ਸਨ ਅੰਤ ਵਿੱਚ ਡਾ. ਜਗਜੀਤ ਸਿੰਘ ਗਿੱਲ ਦੁਆਰਾ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਅਤੇ ਅਗਲੇ ਮਹੀਨੇ ਦੀ 15 ਤਰੀਖ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

# ਪੂਰੇ ਗਹਿਗੱਚ ਮੁਕਾਬਲੇ 'ਚ ਲਖਵੀਰ ਸਿੰਘ ਸਿਰਫ਼ 1 ਵੋਟ ਦੇ ਫਰਕ ਨਾਲ ਜਿੱਤ ਕੇ ਬਣਿਆ ਸਰਪੰਚ



**ਤਲਵੰਡੀ ਸਾਬੋ, 17 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-15 ਅਕਤੂਬਰ ਨੂੰ ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਕੁੱਝ ਕੁ ਥਾਵਾਂ 'ਤੇ ਸਰਪੰਚੀ ਦੇ ਉਮੀਦਵਾਰਾਂ ਵਿਚਕਾਰ ਪੂਰੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ। ਇਸੇ ਦੌਰਾਨ ਹੀ ਤਲਵੰਡੀ ਸਾਬੋ ਤਹਿਸੀਲ ਦੇ ਪਿੰਡ ਗੋਲੇਵਾਲਾ ਵਿੱਚ ਵੀ ਸਰਪੰਚੀ ਦੇ ਉਮੀਦਵਾਰਾਂ ਵਿੱਚ ਬਹੁਤ ਸਖਤ ਮੁਕਾਬਲਾ ਰਿਹਾ। ਦੇਰ ਰਾਤ ਤੱਕ ਚੱਲੀ ਵੋਟਾਂ ਦੀ ਗਿਣਤੀ ਦੌਰਾਨ ਸਰਪੰਚੀ ਦੇ ਉਮੀਦਵਾਰ ਕੇਵਲ ਸਿੰਘ ਨੂੰ 339 ਵੋਟਾਂ ਪ੍ਰਾਪਤ ਹੋਈਆਂ ਜਦਕਿ ਲਖਵੀਰ ਸਿੰਘ ਨੇ 340 ਵੋਟਾਂ ਪ੍ਰਾਪਤ ਕਰਕੇ ਸਿਰਫ ਇੱਕ ਵੋਟ ਦੇ ਫਰਕ ਨਾਲ ਸਰਪੰਚੀ ਦੀ ਚੋਣ ਜਿੱਤੀ। ਅੱਜ ਸੰਗਰਾਂਦ ਅਤੇ ਪੂਰਨਮਾਸੀ ਸ਼ੁਭ ਮੌਕੇ ਸਰਪੰਚ ਲਖਵੀਰ ਸਿੰਘ ਨੇ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਬੇਨਤੀ ਕਰਵਾਈ ਗਈ। ਇਸ ਦੌਰਾਨ ਲਖਵੀਰ ਸਿੰਘ ਨੇ ਸਾਰੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰੇ ਪਿੰਡ ਦੇ ਸਰਪੰਚ ਹਨ ਅਤੇ ਪਾਰਟੀਬਾਜੀ ਤੋਂ ਉਪਰ ਉੱਠ ਕੇ ਪਿੰਡ ਦੇ ਸਰਵਪੱਖੀ ਵਿਕਾਸ ਕਾਰਜ ਕਰਵਾਉਣ ਨੂੰ ਤਰਜੀਹ ਦੇਣਗੇ।






ਜਨਮ ਦਿਨ ਮੁਬਾਰਕ

**ਕਿਰਨ**
ਪਿਤਾ : ਸੰਕਰ ਗੋਰੀ
ਮਾਤਾ : ਗੀਤਾ ਦੇਵੀ
ਨਿਵਾਸੀ ਅੰਮ੍ਰਿਤਸਰ
(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV




# ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਸ਼ਹੀਦੀ ਦਿਹਾੜਾ 26 ਅਕਤੂਬਰ ਨੂੰ - ਜੱਥਾ ਠੀਕਰੀਵਾਲ

ਸਿੱਖ ਕੌਮ ਦੀ ਆਜ਼ਾਦੀ ਦੀ ਲੜਾਈ ਵਿੱਚ ਹਜ਼ਾਰਾਂ ਯੋਧਿਆਂ ਨੇ ਸ਼ਹਾਦਤ ਦਿੱਤੀ ਇੱਕ ਸੰਘਰਸ਼ ਵਿੱਚ ਅਮਰ ਸ਼ਹੀਦ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਅਹਿਮ ਕਿਰਦਾਰ ਹੈ ਓਨਾ ਦਾ ਸ਼ਹੀਦੀ ਦਿਹਾੜਾ ਸ਼ਹਾਦਤ 26 ਅਕਤੂਬਰ ਨੂੰ ਓਨਾ ਦੇ ਜੱਦੀ ਪਿੰਡ ਪੰਜੋਲਾਂ ਜਿਲ੍ਹਾ ਰੋਪੜ ਵਿਖ਼ੇ ਮਨਾਇਆ ਜਾ ਰਿਹਾ ਹੈ, ਇਹ ਜਾਣਕਾਰੀ ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਦਿੱਤੀ

ਭਾਈ ਠੀਕਰੀਵਾਲ ਨੇ ਦੱਸਿਆ ਭਾਈ ਬਾਰਾ ਜੀ ਤਕਰੀਬਨ 32 ਸਾਲ ਪਹਿਲਾ ਸ਼ਹੀਦ ਹੋਏ ਸਨ ਪਰ ਕਦੇ ਵੀ ਓਨਾ ਦਾ ਸ਼ਹੀਦੀ ਦਿਹਾੜਾ ਨਹੀਂ ਮਨਾਇਆ ਗਿਆ ,ਅਸੀਂ ਸ਼ਹੀਦ ਪਰਿਵਾਰ ,ਨਗਰ ਨਿਵਾਸੀ ਅਤੇ ਨੌਜਵਾਨ ਸਭਾ ਪੰਜੋਲਾਂ ਦਾ ਸਹਿਯੋਗ ਸਦਕਾ ਪਹਿਲੀ ਵਾਰ ਸ਼ਹੀਦੀ ਸਮਾਗਮ ਕਰ ਰਹੇ ਹਾ ਇਸ ਸਮਾਗਮ ਵਿੱਚ ਪੰਥ ਪ੍ਰਸਿੱਧ ਢਾਡੀ ਜੱਥਾ ਸਰਪੰਚ ਨਾਥ ਸਿੰਘ ਹਮੀਦੀ ਦਾ ਢਾਢੀ ਜੱਥਾ ਸਿੰਘਾਂ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਨਿਹਾਲ ਕਰੇਗਾ ਭਾਈ ਪਾਰਸ ਸਿੰਘ ਸੁਲਤਾਨਵਿੰਡ ਦਾ ਜੱਥਾ ਗਤਕੇ ਦੇ ਜੌਹਰ ਦਿਖਾਏ ਗਾ ,24 ਤਰੀਕ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਹੋਣਗੇ ਭਾਈ ਰਵਿੰਦਰ ਪਾਲ ਸਿੰਘ ਸਤਿਕਾਰ ਕਮੇਟੀ ਵਾਲੇ ਜੱਥੇ ਸਮੇਤ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਉਣਗੇ , ਸਿੱਖ ਸੰਘਰਸ ਦੀਆ ਅਹਿਮ ਸਖਸੀਅਤਾ ਭਾਈ ਪਰਮਜੀਤ ਸਿੰਘ ਮੰਡ ਦਲ ਖਾਲਸਾ, ਭਾਈ ਕਰਨੈਲ ਸਿੰਘ ਪੰਜੋਲੀ ,ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ,ਭਾਈ ਸੁਰਿੰਦਰ ਸਿੰਘ ਕਿਸਨਪੁਰਾ , ਭਾਈ ਹਰਨੇਕ ਸਿੰਘ ਫੌਜੀ ਮੁੱਖੀ ਵਾਰਿਸ ਪੰਜਾਬ ਦੇ , ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ , ਭਾਈ ਗੁਰਦੀਪ ਸਿੰਘ ਨੌ ਲੱਖਾ ਦਮਦਮੀ ਟਕਸਾਲ ਆਦਿਕ ਸਿੰਘਾਂ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕਰਨਗੀਆਂ, ਗੁਰੂ ਕਾ ਲੰਗਰ ਅਟੁੱਟ ਵਰਤੇਗਾ ਜੀ , ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤ ਨੂੰ ਹਾਜ਼ਰੀਆ ਭਰਨ ਦੀ ਬੇਨਤੀ ਕੀਤੀ ਜਾਂਦੀ ਹੈ ਇਸ ਸਮਾਗਮ ਵਿੱਚ ਭਾਈ ਗੁਰਜੰਟ ਸਿੰਘ ਨਾਗੋਕੇ ਦਮਦਮੀ ਟਕਸਾਲ ਯੂ ਐਸ ਏ, ਭਾਈ ਕੁਲਦੀਪ ਸਿੰਘ ਨਾਗੋਕੇ ਯੂ ਐਸ ਏ ,ਭਾਈ ਸੁਖਬੀਰ ਸਿੰਘ ਆਸਟ੍ਰੇਲੀਆ ਅਹਿਮ ਯੋਗਦਾਨ ਹੈ , ਜੱਥਾ ਠੀਕਰੀਵਾਲ ਵੱਲੋ ਕਰਵਾਏ ਜਾ ਰਹੇ ਸਮਾਗਮ ਦੇ ਵਿੱਚ ਸਟੇਜ ਸਕੱਤਰ ਦੀ ਅਹਿਮ ਜਿੰਮੇਵਾਰੀ ਸਿੱਖ ਆਗੂ ਬਾਬਾ ਬਖਸੀਸ ਸਿੰਘ ਜੀ ਨਿਭਾਉਣਗੇ ਜਿਕਰਯੋਗ ਹੈ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਜੀ ਦੀ ਸਪੁੱਤਰੀ ਬੀਬੀ ਕਿਰਨਜੀਤ ਕੌਰ ਪੰਥ ਪ੍ਰਸਿੱਧ ਢਾਡੀ ਹਨ

ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ

# ਜਥੇ. ਖੱਬੇਰਾਜਪੂਤਾਂ ਨਾਲ ਕੀਤਾ ਦੁੱਖ ਸਾਂਝਾ



**ਚੌਂਕ ਮਹਿਤਾ, 17 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਰਕੀਟ ਕਮੇਟੀ ਮਹਿਤਾ ਦੇ ਸਾਬਕਾ ਚੇਅਰਮੈਨ ਜਥੇ. ਗੁਰਮੀਤ ਸਿੰਘ ਖੱਬੇ ਰਾਜਪੂਤਾਂ ਅਤੇ ਸਰਬਜੀਤ ਸਿੰਘ ਇਟਲੀ ਦੇ ਸਤਿਕਾਰਯੋਗ ਮਾਤਾ ਬਲਵਿੰਦਰ ਕੌਰ ਜੋ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ, ਦੀ ਮੌਤ ਤੇ ਹਮਦਰਦੀ ਪ੍ਰਗਟ ਕਰਨ ਲਈ ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵਿਸ਼ੇਸ਼ ਤੌਰ ਤੇ ਅੱਜ ਉਨ੍ਹਾਂ ਦੇ ਗ੍ਰਹਿ ਖੱਬੇਰਾਜਪੂਤਾਂ ਵਿਖੇ ਪਹੁੰਚੇ। ਜਿਥੇ ਉਨ੍ਹਾਂ ਨੇ ਇਸ ਸੰਸਾਰ ਤੋਂ ਮਾਤਾ ਜੀ ਦੇ ਚਲੇ ਜਾਣ ਦਾ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਭਾਣਾ ਮੰਨਣ ਲਈ ਹੌਸਲਾ ਦਿੱਤਾ।ਇਸ ਮੌਕੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ, ਜਨਰਲ ਕੌਂਸਲ ਮੈਂਬਰ ਮਹਿੰਦਰਪਾਲ ਸਿੰਘ ਬੱਲ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਬਾਬਾ ਕੁਲਵੰਤ ਸਿੰਘ, ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਗੁਰਅੰਮ੍ਰਿਤਪਾਲ ਸਿੰਘ, ਪ੍ਰਧਾਨ ਬਲਜੀਤ ਸਿੰਘ, ਪ੍ਰਧਾਨ ਤਰਲੋਚਨ ਸਿੰਘ, ਗੁਰਪ੍ਰੀਤ ਸਿੰਘ ਗੋਪੀ ਤੇ ਅਰਵਿੰਦਰ ਕੁਮਾਰ ਲੁਬਾਇਆ ਤੋਂ ਇਲਾਵਾ ਹੋਰ ਵੀ ਸਖਸ਼ੀਅਤਾਂ ਹਾਜਰ ਸਨ।

ਮੋਗਾ ਦੇ ਆਈ.ਐਸ.ਐਫ. ਫਾਰਮੇਸੀ ਕਾਲਜ ਵਿਚ

# 18 ਅਕਤੂਬਰ ਨੂੰ ਐਮ.ਐਸ.ਐਮ.ਈ. ਮੰਤਰਾਲਾ ਕਰੇਗਾ ਮੈਗਾ ਸੰਮੇਲਨ ਦਾ ਆਯੋਜਨ




**ਮੋਗਾ, 17 ਅਕਤੂਬਰ (ਸੁਖਮੰਦਰ ਸਿੰਘ ਸ਼ਾਤ)**-ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐਮ.ਐਸ.ਐਮ.ਈ.) ਮੰਤਰਾਲਾ 18 ਅਕਤੂਬਰ 2024 ਨੂੰ ਮੋਗਾ, ਵਿਖੇ ਇੱਕ ਮੈਗਾ ਸੰਮੇਲਨ ਦਾ ਆਯੋਜਨ ਕਰਨ ਜਾ ਰਿਹਾ ਹੈ, ਜਿਸ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ ਨੈਸ਼ਨਲ ਐਸ.ਸੀ. ਐਸ.ਟੀ (ਐਨ.ਐਸ.ਐਸ.ਐਚ.) ਸਕੀਮ ਅਤੇ ਐਮ.ਐਸ.ਐਮ.ਈ ਨਾਲ ਸੰਬੰਧਿਤ ਹੋਰ ਸਕੀਮਾਂ ਬਾਰੇ ਜਾਗਰੂਕਤਾ ਫੈਲਾਈ ਜਾਵੇਗੀ। ਐਮ.ਐਸ.ਐਮ.ਈ ਮੰਤਰਾਲੇ, ਦੇ ਸੰਯੁਕਤ ਸਕੱਤਰ ਸ਼੍ਰੀਮਤੀ ਮਰਸੀ ਈਪਾਓ, ਐਨ.ਐਸ.ਆਈ.ਸੀ ਦੇ ਸੀ.ਐਮ.ਡੀ ਡਾ. ਸੁਭਰਾਸ਼ੂ ਸੇਖਰ ਅਚਾਰੀਆ ਇਸ ਸਮਾਗਮ ਦੀ ਅਗਵਾਈ ਕਰਨਗੇ। ਇਸ ਸਮਾਗਮ ਵਿੱਚ ਸੂਬਾ ਸਰਕਾਰ, ਕੇਂਦਰ ਸਰਕਾਰ, ਬੈਂਕਾਂ, ਸੀ.ਪੀ.ਐਸ.ਈਜ਼ ਅਤੇ ਵਿੱਤੀ ਸੰਸਥਾਵਾਂ ਦੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਸ਼ਿਰਕਤ ਕਰਨਗੇ।

**ਐਸ.ਸੀ.ਐਸ.ਟੀ ਵਰਗ ਦੇ ਉਦਮੀਆਂ ਤੇ ਕਾਰੋਬਾਰੀਆਂ ਨੂੰ ਸੰਮੇਲਨ ਵਿੱਚ ਭਾਗ ਲੈਣ ਦਾ ਦਿੱਤਾ ਖੁੱਲ੍ਹਾ ਸੱਦਾ**

ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇਸ ਸੰਮੇਲਨ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਐਨ.ਐਸ.ਆਈ.ਸੀ. ਦੇ ਨਾਰਥ 2 ਦੇ ਜ਼ੋਨਲ ਜਨਰਲ ਮੈਨੇਜਰ ਦੇ ਮੁਖੀ ਸ਼੍ਰੀ ਗੁਰਪਾਲ ਸਿੰਘ ਨੇ ਕੀਤਾ। ਉਮੇਸ਼ ਦਿਕਸ਼ਿਤ ਜਨਰਲ ਮੈਨੇਜਰ ਐਨ.ਐਸ.ਐਸ.ਐਸ.ਐਚ. ਨਵੀਂ ਦਿੱਲੀ, ਸੂਰਯ ਭੂਸ਼ਨ ਨੈਸ਼ਨਲ ਐਸ.ਸੀ.ਐਸ.ਟੀ ਹੱਬ ਲੁਧਿਆਣਾ ਦੇ ਬਰਾਂਚ ਹੈੱਡ, ਜੀ.ਐਮ. ਡੀ.ਆਈ.ਸੀ ਸੁਖਮਿੰਦਰ ਸਿੰਘ ਰੇਖੀ, ਆਈ.ਐਸ.ਐਫ ਕਾਲਜ ਦੇ ਚੇਅਰਮੈਨ ਵੀ ਉਹਨਾਂ ਨਾਲ ਮੌਜੂਦ ਸਨ। ਦੇਸ਼ ਦੀ ਆਰਥਿਕ ਭਲਾਈ ਲਈ ਐਮ.ਐਸ.ਐਮ.ਈ ਸੈਕਟਰ ਪ੍ਰਫੁਲਤਾ ਲਈ ਅਜਿਹੇ ਸੰਮੇਲਨ ਮਹੱਤਵਪੂਰਨ ਹਨ, ਅਜਿਹੇ ਸੰਮੇਲਨ ਐਸ.ਸੀ.ਐਸ.ਟੀ ਵਰਗ ਨੂੰ ਭਾਰਤ ਤੇ ਰਾਜ ਸਰਕਾਰ ਦੀਆਂ ਸਕੀਮਾਂ ਦਾ ਲਾਹਾ ਦਿਵਾਉਣ ਲਈ ਵੀ ਮਹੱਤਵਪੂਰਨ ਹੁੰਦੇ ਹਨ। ਇਸ ਦੌਰਾਨ ਵਪਾਰ ਨਾਲ ਸਬੰਧਤ ਅਧਿਕਾਰੀ ਵੀ ਮੌਜੂਦ ਰਹਿਣਗੇ ਅਤੇ ਆਪੋ-ਆਪਣੇ ਨੀਤੀਗਤ ਦਖਲਅੰਦਾਜ਼ੀ 'ਤੇ ਵਿਚਾਰ ਕਰਨਗੇ।

ਐਮ.ਐਸ.ਐਮ.ਈ. ਸੈਕਟਰ ਰੋਜ਼ਗਾਰ ਸਿਰਜਣ ਅਤੇ ਰੋਜ਼ੀ-ਰੋਟੀ ਨੂੰ ਸੁਧਾਰਨ ਦੇ ਮਾਮਲੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਸ ਖੇਤਰ ਵਿੱਚ 5.21 ਕਰੋੜ ਤੋਂ ਵੱਧ ਯੂਨਿਟ (ਉਦਯਮ ਰਜਿਸਟਰਡ ਯੂਨਿਟ) ਹਨ ਜੋ 22.28 ਕਰੋੜ ਤੋਂ ਵੱਧ ਲੋਕਾਂ ਨੂੰ ਰੁਜ਼ਗਾਰ ਦਿੰਦੇ ਹਨ, ਜੋ ਕਿ ਜੀ.ਡੀ.ਪੀ. ਵਿੱਚ ਲਗਭਗ 30 ਫੀਸਦੀ ਯੋਗਦਾਨ ਦੇ ਨਾਲ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ । ਇਸ ਲਈ ਇਹ ਜ਼ਰੂਰੀ ਹੈ ਕਿ ਨੌਜਵਾਨਾਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਅਨੁਕੂਲ ਵਾਤਾਵਰਣ ਪ੍ਰਣਾਲੀ ਬਣਾਉਣ ਲਈ ਕੇਂਦਰਿਤ ਯਤਨ ਕੀਤੇ ਜਾਣ ਜਿੱਥੇ ਐਮ.ਐਸ.ਐਮ.ਈ.ਜ਼ੀ 5 ਟ੍ਰਿਲੀਅਨ ਡਾਲਰ ਦੀ ਅਰਥਵਿਵਸਥਾ ਦੇ ਨਿਰਮਾਣ ਦੇ ਟੀਚੇ ਨੂੰ ਸਾਕਾਰ ਕਰਨ ਲਈ ਭਾਰਤੀ ਅਰਥਵਿਵਸਥਾ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣਾ ਜਾਰੀ ਰੱਖ ਰਿਹਾ ਹੇ। ਐਮ.ਐਸ.ਐਮ.ਈ. ਮੰਤਰਾਲਾ, ਵੱਖ-ਵੱਖ ਯੋਜਨਾਵਾਂ ਰਾਹੀਂ, ਟਿਕਾਊ ਵਿਕਾਸ ਅਤੇ ਗਲੋਬਲ ਮੁੱਲ ਲੜੀ ਵਿੱਚ ਅਨੁਕੂਲ ਬਣਨ ਲਈ ਐਮ.ਐਸ.ਐਮ.ਈ.ਜ ਨੂੰ ਸਸ਼ਕਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਖਾਸ ਤੌਰ 'ਤੇ ਐਸ.ਸੀ.ਐਸ.ਟੀ ਭਾਈਚਾਰੇ ਦੀ ਮਲਕੀਅਤ ਵਾਲੇ ਉੱਦਮਾਂ ਲਈ, ਰਾਸ਼ਟਰੀ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਹੱਬ (ਐਨ.ਐਸ.ਐਸ.ਐਚ) ਸਕੀਮ ਅਕਤੂਬਰ 2016 ਵਿੱਚ ਸ਼ੁਰੂ ਕੀਤੀ ਗਈ ਸੀ। ਐਨ.ਐਸ.ਐਸ.ਐਚ ਸਕੀਮ ਦਾ ਉਦੇਸ਼ ਐਸ.ਸੀ.ਐਸ.ਟੀ ਉੱਦਮੀਆਂ ਦੀ ਸਮਰੱਥਾ ਵਧਾਉਣਾ ਅਤੇ ਉਤਸ਼ਾਹਿਤ ਕਰਨਾ ਹੈ। ਨੈਸ਼ਨਲ ਸਮਾਲ ਇੰਡਸਟਰੀਜ਼ ਕਾਰਪੋਰੇਸ਼ਨ, ਐਮ.ਐਸ.ਐਮ.ਈ ਮੰਤਰਾਲੇ ਦੇ ਅਧੀਨ ਇੱਕ ਕੇਂਦਰੀ ਪੀ.ਐਸ.ਯੂ, ਐਨ.ਐਸ.ਐਸ.ਐਚ ਸਕੀਮ ਨੂੰ ਲਾਗੂ ਕਰਨ ਵਾਲੀ ਏਜੰਸੀ ਹੈ। ਇਸ ਸਕੀਮ ਤਹਿਤ ਐਸ.ਸੀ.ਐਸ.ਟੀ ਮਲਕੀਅਤ ਵਾਲੀਆਂ ਇਕਾਈਆਂ ਨੂੰ ਕੇਂਦਰ/ਰਾਜ ਸਰਕਾਰਾਂ ਤੇ ਹੋਰ ਸਰਕਾਰੀ ਏਜੰਸੀਆਂ ਦੁਆਰਾ ਕੀਤੀ ਜਾ ਰਹੀ ਕੁੱਲ ਖਰੀਦ ਦਾ ਘੱਟੋ-ਘੱਟ 4 ਫੀਸਦੀ ਹਿੱਸਾ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨਾ ਹੈ। ਜਨਤਕ ਖਰੀਦ ਪ੍ਰਕਿਰਿਆ ਵਿੱਚ ਭਾਗੀਦਾਰੀ ਲਈ ਐਸ.ਸੀ.ਐਸ.ਟੀ ਮਲਕੀਅਤ ਵਾਲੀਆਂ ਇਕਾਈਆਂ ਨੂੰ ਸੰਵੇਦਨਸ਼ੀਲ, ਉਤਸ਼ਾਹਿਤ ਅਤੇ ਸਮਰੱਥ ਬਣਾਉਣ ਲਈ ਉਦਯੋਗ ਸੰਘਾਂ ਦੁਆਰਾ ਦਖਲ ਦੀ ਰਣਨੀਤੀ ਤਿਆਰ ਕਰਨਾ ਵੀ ਇਸ ਸਕੀਮ ਦਾ ਮੁੱਖ ਉਦੇਸ਼ ਹੈ। ਐਸ.ਸੀ.ਐਸ.ਟੀ ਉੱਦਮੀਆਂ ਅਤੇ ਉੱਦਮੀਆਂ ਦੇ ਸੰਬੰਧ ਵਿੱਚ ਜਾਣਕਾਰੀ ਦਾ ਸੰਗ੍ਰਹਿ, ਸੰਗ੍ਰਹਿ ਅਤੇ ਪ੍ਰਸਾਰ ਕਰਨਾ, ਐਸਸੀ/ਐਸਟੀ ਉੱਦਮੀਆਂ ਨੂੰ ਵਿਕਰੇਤਾ ਵਿਕਾਸ ਪ੍ਰੋਗਰਾਮਾਂ ਦਾ ਹਿੱਸਾ ਬਣਨ ਅਤੇ ਅਜਿਹੇ ਉੱਦਮੀਆਂ ਦੇ ਉਤਪਾਦਾਂ/ਸੇਵਾਵਾਂ ਨਾਲ ਮੇਲ ਖਾਂਦੇ ਖਾਸ ਸੀ.ਪੀ.ਐਸ.ਈ ਦੁਆਰਾ ਸਲਾਹਕਾਰ ਸਹਾਇਤਾ ਦੀ ਸਹੂਲਤ ਦੇਣਾ, ਹੁਨਰ ਵਿਕਾਸ ਪ੍ਰੋਗਰਾਮਾਂ ਰਾਹੀਂ ਮੌਜੂਦਾ ਅਤੇ ਸੰਭਾਵੀ ਐਸ.ਸੀ.ਐਸ.ਟੀ ਉੱਦਮੀਆਂ ਦੀ ਸਮਰੱਥਾ ਨਿਰਮਾਣ ਕਰਨਾ, ਹੈਂਡਹੋਲਡਿੰਗ ਅਤੇ ਸਲਾਹਕਾਰ ਸਹਾਇਤਾ ਪ੍ਰਦਾਨ ਕਰਨਾ, ਐਸ.ਸੀ.ਐਸ.ਟੀ ਉੱਦਮੀਆਂ ਲਈ ਕ੍ਰੈਡਿਟ ਲਿੰਕੇਜ ਦੀ ਸਹੂਲਤ, ਚਾਹਵਾਨ ਅਨੁਸੂਚਿਤ ਜਾਤੀ/ਜਨਜਾਤੀ ਉੱਦਮੀਆਂ ਵਿੱਚ ਯੋਜਨਾ ਨੂੰ ਉਤਸ਼ਾਹਿਤ ਕਰਨ ਲਈ ਆਊਟਰੀਚ ਗਤੀਵਿਧੀਆਂ ਨੂੰ ਸ਼ੁਰੂ ਕਰਨਾ ਇਸ ਸਕੀਮ ਦੇ ਮੁੱਖ ਮਨੋਰਥ ਹਨ।

ਇਸ ਮੈਗਾ ਈਵੈਂਟ ਦਾ ਉਦੇਸ਼ ਪੰਜਾਬ ਰਾਜ ਦੇ 500 ਤੋਂ ਵੱਧ ਅਨੁਸੂਚਿਤ ਜਾਤੀ/ਜਨਜਾਤੀ ਦੇ ਚਾਹਵਾਨ ਅਤੇ ਮੌਜੂਦਾ ਉੱਦਮੀਆਂ ਲਈ ਇੱਕ ਇੰਟਰਐਕਟਿਵ ਪਲੇਟਫਾਰਮ ਤਿਆਰ ਕਰਨਾ ਹੈ। ਇਹ ਕੇਂਦਰੀ ਜਨਤਕ ਖੇਤਰ ਦੇ ਉੱਦਮ, ਵਿੱਤੀ ਸੰਸਥਾਵਾਂ, ਸਰਕਾਰੀ ਵਿਭਾਗਾਂ, ਅਤੇ ਉਦਯੋਗ ਸੰਘਾਂ ਦੇ ਪ੍ਰਤੀਨਿਧਾਂ ਦੇ ਨਾਲ ਵੱਖ-ਵੱਖ ਸੈਸ਼ਨਾਂ ਨੂੰ ਪੇਸ਼ ਕਰੇਗਾ, ਜੋ ਕਿ ਕਿਵੇਂ ਉੱਦਮੀ ਸਰਕਾਰੀ ਸਕੀਮਾਂ ਦਾ ਲਾਭ ਉਠਾ ਸਕਦੇ ਹਨ, ਨਵੇਂ ਕਾਰੋਬਾਰੀ ਮੌਕਿਆਂ ਦੀ ਖੋਜ ਕਰ ਸਕਦੇ ਹਨ ਅਤੇ ਜਨਤਕ ਖਰੀਦ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਦੇ ਹਨ, ਇਸ ਬਾਰੇ ਕੀਮਤੀ ਸਮਝ ਪ੍ਰਦਾਨ ਕਰਨਗੇ। ਉਹਨਾਂ ਐਸ.ਸੀ.ਐਸ.ਟੀ. ਵਰਗ ਦੇ ਉਦਮੀਆਂ ਤੇ ਕਾਰੋਬਾਰੀਆਂ ਨੂੰ ਸੰਮੇਲਨ ਵਿੱਚ ਭਾਗ ਲੈਣ ਦਾ ਸੱਦਾ ਦਿੱਤਾ ।

ਇਸ ਤੋਂ ਇਲਾਵਾ, ਪੰਜਾਬ ਐਂਡ ਸਿੰਧ ਬੈਂਕ, ਇੰਡੀਅਨ ਓਵਰਸੀਜ਼ ਬੈਂਕ, ਐਸ.ਆਈ.ਡੀ.ਬੀ.ਆਈ, ਆਈ.ਐਫ.ਸੀ.ਆਈ. ਵੈਂਚਰ ਕੈਪੀਟਲ ਫੰਡ ਆਦਿ ਵਰਗੀਆਂ ਵਿੱਤੀ ਸੰਸਥਾਵਾਂ ਵੀ ਐਮ.ਐਸ.ਐਮ.ਈ ਲਈ ਉਪਲਬਧ ਵੱਖ-ਵੱਖ ਉਧਾਰ ਯੋਜਨਾਵਾਂ ਦਾ ਵੇਰਵਾ ਦੇਣ ਲਈ ਮੌਜੂਦ ਰਹਿਣਗੀਆਂ। ਈਵੈਂਟ ਵਿੱਚ ਜੈਮ, ਐਮ.ਐਸ.ਐਮ.ਈ ਮਾਰਟ, ਲਈ ਸੁਵਿਧਾ ਡੈਸਕ ਵੀ ਸ਼ਾਮਲ ਹੋਣਗੇ।

# ਇਤਿਹਾਸਕ ਪਿੰਡ ਹਠੂਰ ਦੇ ਸਰਪੰਚ ਬਣੇ ਜਸਕਮਲਪ੍ਰੀਤ ਸਿੰਘ ਨਿੱਪਾ

## ਸਮੂਹ ਨਗਰ ਨਿਵਾਸੀ ਅਤੇ ਐੱਨ ਆਰ ਆਈ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ - ਨਿੱਪਾ ਹਠੂਰ





ਜਗਰਾਉਂ -(ਵਰਿਆਮ ਹਠੂਰ) ਪੰਚਾਇਤੀ ਚੋਣਾਂ ਵਿੱਚ ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਹਠੂਰ ਦੇ ਮਿਹਨਤੀ ਨੌਜਵਾਨ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਜੋ ਅਜ਼ਾਦ ਸਪੋਰਟਸ ਕਲੱਬ ਦੇ ਆਗੂ ਵੀ ਹਨ। ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਪਿਛਲੇ ਕਈ ਸਾਲਾਂ ਤੋਂ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਹਾਕੀ, ਫੁੱਟਬਾਲ, ਬਾਲੀਵਾਲ ਆਦਿ ਦਾ ਸਲਾਨਾ ਟੂਰਨਾਮੈਂਟ ਕਰਵਾਉਂਦੇ ਆ ਰਹੇ ਹਨ। ਤੇ ਸਮੇਂ ਸਮੇਂ ਤੇ ਲੋੜਵੰਦਾਂ ਦੀ ਸਹਾਇਤਾ ਲਈ ਵੀ ਮੋਢੇ ਨਾਲ ਮੋਢਾ ਲਾ ਕੇ ਮਦਦ ਕਰਨ ਲਈ ਵੀ ਚਰਚਾ ਵਿੱਚ ਰਹਿੰਦੇ ਹਨ। ਤੇ ਨਗਰ ਨਿਵਾਸੀਆਂ ਨੇ ਉਨ੍ਹਾਂ ਤੋਂ ਨਗਰ ਦੇ ਵਿਕਾਸ ਕਾਰਜਾਂ ਦੀਆਂ ਆਸਾਂ ਤੇ ਉਮੀਦਾਂ ਰੱਖ ਕੇ ਆਪਣਾ ਕੀਮਤੀ ਵੋਟ ਦੇ ਕੇ ਉਨ੍ਹਾਂ ਦੇ ਸਿਰ ਸਰਪੰਚੀ ਦਾ ਤਾਜ਼ ਸਜਾ ਦਿੱਤਾ, ਲੋਕਾਂ ਨੇ ਆਪਣਾ ਕੀਮਤੀ ਵੋਟ ਦੇ ਕੇ ਫ਼ਰਜ਼ ਅਦਾ ਕੀਤਾ ਤੇ ਅੱਗੇ ਸਰਪੰਚ ਜਸਕਮਲਪ੍ਰੀਤ ਸਿੰਘ ਉਰਫ ਨਿੱਪਾ ਹਠੂਰ ਨਗਰ ਦਾ ਬਿਨਾਂ ਕਿਸੇ ਵਿਤਕਰੇਬਾਜ਼ੀ ਕੀਤੇ ਵਿਕਾਸ ਕਰਨ ਇਹੋ ਲੋਕਾਂ ਦੀਆਂ ਉਮੀਦਾਂ ਹਨ।ਗੱਲਬਾਤ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਉਰਫ ਨਿੱਪਾ ਹਠੂਰ ਨੇ ਕਿਹਾ ਕਿ ਸਭ ਤੋਂ ਪਹਿਲਾਂ ਕੋਟਿ ਕੋਟਿ ਸ਼ੁਕਰਾਨਾ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਜਿੰਨ੍ਹਾਂ ਦਾ ਅਸ਼ੀਰਵਾਦ ਲੈ ਕੇ ਚੋਣ ਮੈਦਾਨ ਵਿੱਚ ਡਟੇ ਸੀ। ਤੇ ਦੂਜਾ ਸਮੁੱਚੇ ਨਗਰ ਨਿਵਾਸੀਆਂ ਅਤੇ ਸਮੂਹ ਐੱਨ ਆਰ ਆਈ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਵੋਟ ਅਤੇ ਸਪੋਟ ਕੀਤੀ, ਮੇਰਾ ਰੋਮ ਰੋਮ ਰਿਣੀਂ ਹੈ। ਕਿ ਨਗਰ ਨੇ ਮੇਰੇ ਤੇ ਵਿਸ਼ਵਾਸ ਕੀਤਾ, ਤੇ ਮੈਨੂੰ ਨਗਰ ਦੀ ਸੇਵਾ ਕਰਨ ਦੇ ਯੋਗ ਸਮਝ ਕੇ ਮਾਣ ਬਖਸ਼ਿਆ, ਮੈਂ ਸਮੂਹ ਨਗਰ ਦੀਆਂ ਆਸਾਂ ਤੇ ਉਮੀਦਾਂ ਉੱਪਰ ਖ਼ਰਾ ਉੱਤਰਾਂਗਾ, ਤੇ ਨਗਰ ਦੇ ਵਿਕਾਸ ਅਤੇ ਨਗਰ ਦੀ ਤਰੱਕੀ ਲਈ ਆਪਣਾ ਅਹਿਮ ਰੋਲ ਅਦਾ ਕਰਾਂਗਾ, ਤੇ ਨਗਰ ਵਿੱਚ ਸਮੁੱਚੀ ਪੰਚਾਇਤ ਬਿਨਾਂ ਕਿਸੇ ਵਿਤਕਰੇਬਾਜ਼ੀ ਦੇ ਕੰਮ ਕਰਾਂਗੇ, ਸਮੂਹ ਨਗਰ ਆਪਣਾ ਸਾਥ ਬਣਾਈ ਰੱਖੇ।

# ਨੀਤੂ ਸੈਣੀ ਪਤਨੀ ਅਮਰਜੀਤ ਸੈਣੀ ਉਰਫ ਸਾਬਾ ਪਿੰਡ ਜਗਤ ਪੁਰ ਤਹਿਸੀਲ ਅਤੇ ਜਿਲਾ ਪਠਾਨਕੋਟ ਨੇ ਪੰਚਾਇਤੀ ਚੋਣਾਂ ਵਿਚ ਬਤੋਰ ਸਰਪੰਚ ਜਿੱਤ ਪ੍ਰਾਪਤ ਕੀਤੀ



**ਪਠਾਨਕੋਟ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਕਰਵਾਇਆਂ ਪੰਚਾਇਤੀ ਚੋਣਾਂ ਵਿੱਚ ਵੱਖ-ਵੱਖ ਪਿੰਡਾ ਵਿੱਚ ਪੰਚ, ਸਰਪੰਚ ਚੁਣੇ ਗਏ। ਬਲਾਕ ਪਠਾਨਕੋਟ ਅਧੀਨ ਪੈਂਦੇ ਪਿੰਡ ਜਗਤਪੁਰ ਵਿਖੇ ਸਰਪੰਚ ਪਦ ਦੇ ਦੋ ਉਮੀਦਵਾਰਾਂ ਵਿੱਚ ਮੁਕਾਬਲਾ ਹੋਇਆ ਜਿਸ ਵਿੱਚ ਸੱਚੀ ਸੁੱਚੀ,ਇਮਾਨਦਾਰ ਅਤੇ ਪੜੀ ਲਿਖੀ ਨੀਤੂ ਸੈਣੀ ਪਤਨੀ ਅਮਰਜੀਤ ਸੈਣੀ ਜੇਤੂ ਹੋ ਕੇ ਪਿੰਡ ਦੀ ਸਰਪੰਚ ਚੁਣੀ ਗਈ। ਇਸ ਮੋਕੇ ਤੇ ਨਵੀਂ ਬਣੀ ਸਰਪੰਚ ਵਲੋਂ ਸਾਰੇ ਪਿੰਡ ਦੇ ਲੋਕਾਂ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਪਿੰਡ ਵਾਸਿਆਂ ਨੇ ਮੈਨੂੰ ਚੁਣ ਕੇ ਜੋ ਵਿਸਵਾਸ਼ ਮੇਰੇ ਤੇ ਪ੍ਰਗਟ ਕੀਤਾ ਹੈ ਮੈਂ ਉਨਾਂ ਦੀਆਂ ਉਮੀਦਾਂ ਤੇ ਪੁਰਾ ਉਤਰਾਂਗੀ। ਪੰਚਾਇਤ ਮੈਬਰਾਂ ਅਤੇ ਪਿੰਡ ਵਾਸਿਆਂ ਨੂੰ ਨਾਲ ਲੈ ਕੇ ਪਿੰਡ ਦਾ ਚੰਹੁਮੁਖੀ ਵਿਕਾਸ ਕਰਾਂਗੀ। ਏਥੇ ਇਹ ਦੱਸਣਾ ਜ਼ੂਰਰਿ ਹੈ ਕਿ ਇਹ ਸਰਪੰਚੀ ਦਾ ਔਹਦਾ ਪਹਿਲਾਂ ਵੀ ਨੀਤੂ ਸੈਣੀ ਦੇ ਸੋਹਰਾ ਸਾਹਿਬ ਸਾਬਕਾ ਸਰਪੰਚ ਸੁਭਾਸ਼ ਚੰਦ ਸੈਣੀ ਕੋਲ ਰਿਹਾ ਹੈ ਇਸ ਤੋਂ ਇਲਾਵਾ ਉਨਾਂ ਦੀ ਟੀਮ ਦੇ ਚਾਰ ਮੈਬਰਾਂ ਵੀ ਬਤੋਰ ਮੈਂਬਰ ਪੰਚਾਇਤ ਜਿੱਤ ਪ੍ਰਾਪਤ ਕੀਤੀ ਜਿਨਾਂ ਦੇ ਨਾਮ ਇਸ ਪ੍ਰਕਾਰ ਹਨ। ਰਾਣੀ ਦੇਵੀ ਪਤਨੀ ਅਸ਼ੋਕ ਕੁਮਾਰ,ਸੁਰੇਸ਼ ਸੈਣੀ ਪਤਨੀ ਜੁਗਲ ਕਿਸ਼ੋਰ,ਰੇਨੂੰ ਬਾਲਾ ਪਤਨੀ ਬਲਵਿੰਦਰ ਸਿੰਘ ਅਤੇ ਰਮੇਸ਼ ਚੰਦ ਪੁਤਰ ਚੈਣੋ ਰਾਮ। ਇਸ ਮੋਕੇ ਤੇ ਪਿੰਡ ਦੇ ਸਾਰੇ ਲੋਕ ਹਾਜਰ ਸਨ।



# ਜਨਮ ਦਿਨ ਮੁਬਾਰਕ





**ਇਨਾਇਤ ਕੌਰ**
ਮਾਤਾ ਜੀ : ਮੁਸਕਾਨ ਅਰੋੜਾ
ਪਿਤਾ ਜੀ : ਅਕਾਸ਼ਦੀਪ ਸਿੰਘ
ਦਾਦਾ ਜੀ : ਪੱਤਰਕਾਰ ਬਲਜੀਤ ਸਿੰਘ ਬਿੱਟੂ
ਜੰਡਿਆਲਾ ਗੁਰੂ, ਅੰਮ੍ਰਿਤਸਰ